ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 29 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਨਹੀਂ ਰਹੇ ਪੰਜਾਬ ਦੇ ਸਾਬਕਾ ਮੰਤਰੀ ਲਾਲ ਸਿੰਘ

**ਮੋਹਾਲੀ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਦਿੱਗਜ਼ ਨੇਤਾ ਲਾਲ ਸਿੰਘ ਦਾ ਦੇਹਾਂਤ ਹੋ ਗਿਆ ਹੈ।



ਉਨ੍ਹਾਂ ਨੇ ਮੋਹਾਲੀ ਦੇ ਮੈਕਸ ਹਸਪਤਾਲ ਵਿੱਚ ਆਖਰੀ ਸਾਹ ਲਏ। ਦੱਸਿਆ ਜਾ ਰਿਹਾ ਹੈ ਕਿ ਉਹ ਕੁੱਝ ਸਮੇਂ ਤੋਂ ਬਿਮਾਰ ਸਨ ਅਤੇ ਹਸਪਤਾਲ 'ਚ ਇਲਾਜ ਚੱਲ ਰਿਹਾ ਸੀ। ਲਾਲ ਸਿੰਘ ਨੇ ਆਪਣੇ ਸਿਆਸੀ ਕਰੀਅਰ ਦੀ ਸ਼ੁਰੂਆਤ 1980 ਦੇ ਦਹਾਕੇ ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਨਾਲ ਕੀਤੀ, ਜਥੇਬੰਦਕ ਪੱਧਰ 'ਤੇ ਕੰਮ ਕੀਤਾ ਅਤੇ ਹੌਲੀ-ਹੌਲੀ ਪਟਿਆਲਾ ਖੇਤਰ ਵਿੱਚ ਇੱਕ ਮਜ਼ਬੂਤ ਅਧਾਰ ਬਣਾ ਲਿਆ। ਸਥਾਨਕ ਮੁੱਦਿਆਂ ਅਤੇ ਪਾਰਟੀ ਵਰਕਰਾਂ ਨਾਲ ਉਸ ਦੀ ਨਿਰੰਤਰ ਸ਼ਮੂਲੀਅਤ ਨੇ ਉਨ੍ਹਾਂ ਨੂੰ ਇੱਕ ਮਜਬੂਤ ਆਗੂ ਵੱਜੋਂ ਉਭਾਰਿਆ। ਦਿੱਲੀ ਸਿਆਸਤ ਉਨ੍ਹਾਂ ਨੂੰ ਵੱਡੀ ਸਫਲਤਾ 1992 ਵਿੱਚ ਮਿਲੀ, ਜਦੋਂ ਉਹ ਪਟਿਆਲਾ ਦਿਹਾਤੀ ਹਲਕੇ ਤੋਂ ਵਿਧਾਨ ਸਭਾ ਦੇ ਮੈਂਬਰ (ਵਿਧਾਇਕ) ਵਜੋਂ ਚੁਣੇ ਗਏ। ਇਸ ਜਿੱਤ ਨੇ ਉਨ੍ਹਾਂ ਨੂੰ ਸੂਬੇ ਦੀ ਰਾਜਨੀਤੀ ਦੀ ਮੁੱਖ ਧਾਰਾ ਵਿੱਚ ਲੀਡਰ ਵੱਜੋਂ ਸਥਾਪਿਤ ਕੀਤਾ।

## ਈਰਾਨ ਨੇ ਸਾਊਦੀ ਅਰਬ 'ਚ ਅਮਰੀਕੀ ਫੌਜੀ ਅੱਡੇ 'ਤੇ ਦਾਗੀਆਂ ਮਿਜ਼ਾਈਲਾਂ

# ਕਈ ਜਹਾਜ਼ ਤਬਾਹ; 10 ਅਮਰੀਕੀ ਫੌਜੀ ਜ਼ਖਮੀ

**ਤਹਿਰਾਨ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲ ਵੱਲੋਂ ਈਰਾਨ ਵਿਰੁੱਧ ਆਪਣੀ ਫੌਜੀ ਮੁਹਿੰਮ ਵਧਾਉਣ ਦੀ ਧਮਕੀ ਦੇਣ ਤੋਂ ਕੁਝ ਘੰਟਿਆਂ ਬਾਅਦ, ਇਜ਼ਰਾਈਲੀ ਫੌਜ ਨੇ ਈਰਾਨੀ ਪ੍ਰਮਾਣੂ ਸਥਾਪਨਾਵਾਂ 'ਤੇ ਹਮਲਾ ਕੀਤਾ। ਜਵਾਬ ਵਿੱਚ, ਈਰਾਨ ਨੇ ਜ਼ੋਰਦਾਰ ਜਵਾਬੀ ਕਾਰਵਾਈ ਕੀਤੀ ਅਤੇ ਸਾਊਦੀ ਅਰਬ ਵਿੱਚ ਇੱਕ ਫੌਜੀ ਅੱਡੇ 'ਤੇ ਹਮਲਾ ਕੀਤਾ। ਸ਼ੁੱਕਰਵਾਰ ਨੂੰ ਈਰਾਨ ਵੱਲੋਂ ਸਾਊਦੀ ਅਰਬ ਦੇ ਇੱਕ ਫੌਜੀ ਅੱਡੇ 'ਤੇ ਕੀਤੇ ਗਏ ਮਿਜ਼ਾਈਲ ਅਤੇ ਡਰੋਨ ਹਮਲੇ ਵਿੱਚ ਘੱਟੋ-ਘੱਟ 10 ਅਮਰੀਕੀ ਸੈਨਿਕ ਜ਼ਖਮੀ ਹੋ ਗਏ ਅਤੇ ਕਈ ਜਹਾਜ਼ ਤਬਾਹ ਹੋ ਗਏ। ਅਧਿਕਾਰੀਆਂ ਦੇ ਅਨੁਸਾਰ, ਪ੍ਰਿੰਸ ਸੁਲਤਾਨ ਏਅਰ ਬੇਸ 'ਤੇ ਹਮਲੇ ਵਿੱਚ ਦੋ ਅਮਰੀਕੀ ਸੈਨਿਕ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਕਈ ਅਮਰੀਕੀ ਰਿਫਿਊਲਿੰਗ ਜਹਾਜ਼ਾਂ ਨੂੰ ਵੀ ਕਾਫ਼ੀ ਨੁਕਸਾਨ ਪਹੁੰਚਿਆ। ਮਾਮਲੇ ਤੋਂ ਜਾਣੂ ਦੋ ਅਮਰੀਕੀ ਅਧਿਕਾਰੀਆਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਘਟਨਾ ਦੀ ਪੁਸ਼ਟੀ ਕੀਤੀ। "ਹਮਲੇ ਵਿੱਚ ਜਹਾਜ਼ਾਂ ਨੂੰ ਹੋਏ ਨੁਕਸਾਨ ਨੂੰ ਦਰਸਾਉਂਦੀਆਂ ਸੈਟੇਲਾਈਟ ਤਸਵੀਰਾਂ ਔਨਲਾਈਨ ਪੋਸਟ ਕੀਤੀਆਂ ਗਈਆਂ ਹਨ। ਵਾਲ ਸਟਰੀਟ ਜਰਨਲ ਨੇ ਸਭ ਤੋਂ ਪਹਿਲਾਂ ਹਮਲੇ ਦੀ ਰਿਪੋਰਟ ਦਿੱਤੀ। ਇਹ ਹਮਲਾ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਐਲਾਨ ਤੋਂ ਇੱਕ ਦਿਨ ਬਾਅਦ ਹੋਇਆ ਹੈ ਕਿ ਈਰਾਨ ਤਬਾਹ ਹੋ ਗਿਆ ਹੈ। ਅਮਰੀਕੀ ਰੱਖਿਆ ਸਕੱਤਰ ਪੀਟ ਹੇਗਸੇਥ ਨੇ ਵੀ ਦਾਅਵਾ ਕੀਤਾ ਕਿ ਇਤਿਹਾਸ ਵਿੱਚ ਕਦੇ ਵੀ ਕਿਸੇ ਦੇਸ਼ ਦੀ ਫੌਜ ਨੂੰ ਇੰਨੀ ਜਲਦੀ ਅਤੇ ਇੰਨੇ ਪ੍ਰਭਾਵਸ਼ਾਲੀ ਢੰਗ ਨਾਲ ਬੇਅਸਰ ਨਹੀਂ ਕੀਤਾ ਗਿਆ। ਈਰਾਨ ਨੇ ਸਾਊਦੀ ਅਰਬ ਦੇ ਪ੍ਰਿੰਸ ਸੁਲਤਾਨ ਏਅਰ ਬੇਸ 'ਤੇ ਹਮਲਾ ਕੀਤਾ। ਦੋ ਅਮਰੀਕੀ ਅਧਿਕਾਰੀਆਂ ਦੇ ਅਨੁਸਾਰ, ਘੱਟੋ-ਘੱਟ 10 ਅਮਰੀਕੀ ਸੈਨਿਕ ਜ਼ਖਮੀ ਹੋ ਗਏ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਗੰਭੀਰ ਹੈ। ਕਈ ਰਿਫਿਊਲਿੰਗ ਜਹਾਜ਼ਾਂ ਨੂੰ ਵੀ ਨੁਕਸਾਨ ਪਹੁੰਚਿਆ। ਸ਼ੁੱਕਰਵਾਰ ਦੇਰ ਰਾਤ ਈਰਾਨ ਨੇ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗੀਆਂ। ਤੇਲ ਅਵੀਵ ਵਿੱਚ ਜ਼ੋਰਦਾਰ ਧਮਾਕੇ ਸੁਣੇ ਗਏ, ਅਤੇ ਮਿਜ਼ਾਈਲਾਂ 11 ਵੱਖ-ਵੱਖ ਥਾਵਾਂ 'ਤੇ ਡਿੱਗਣ ਦੀ ਰਿਪੋਰਟ ਹੈ। ਇਨ੍ਹਾਂ ਹਮਲਿਆਂ ਵਿੱਚ ਤੇਲ ਅਵੀਵ ਵਿੱਚ ਇੱਕ 60 ਸਾਲਾ ਵਿਅਕਤੀ ਦੀ ਮੌਤ ਹੋ ਗਈ। ਬੀਅਰ ਸ਼ੇਵਾ ਅਤੇ ਮੁੱਖ ਪ੍ਰਮਾਣੂ ਖੋਜ ਕੇਂਦਰ ਦੇ ਆਲੇ-ਦੁਆਲੇ ਸਾਇਰਨ ਵੀ ਵਜਾਏ ਗਏ। ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਅਤੇ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਇਜ਼ਰਾਈਲ ਨੂੰ ਚੇਤਾਵਨੀ ਦਿੱਤੀ ਹੈ ਕਿ ਉਸਨੂੰ ਭਾਰੀ ਕੀਮਤ ਚੁਕਾਉਣੀ ਪਵੇਗੀ। ਇਹ ਪ੍ਰਿੰਸ ਸੁਲਤਾਨ ਏਅਰ ਬੇਸ 'ਤੇ ਪਹਿਲਾ ਈਰਾਨੀ ਹਮਲਾ ਨਹੀਂ ਹੈ।



## ਨਾ ਮੰਨਣ ਵਾਲਿਆਂ ਦਾ ਇਹੀ ਹੋਵੇਗਾ ਅੰਜਾਮ', ਈਰਾਨ ਨੇ ਚਿਥੜੇ-ਚਿਥੜੇ ਕੀਤਾ ਪਾਕਿਸਤਾਨੀ ਤੇਲ ਟੈਂਕਰ

**ਤਹਿਰਾਨ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਹੋਰਮੁਜ਼ ਤੋਂ ਲੰਘ ਰਹੇ ਇੱਕ ਵੱਡੇ ਤੇਲ ਟੈਂਕਰ ਨੂੰ ਨਸ਼ਟ ਕਰ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਟੈਂਕਰ ਪਾਕਿਸਤਾਨੀ ਝੰਡੇ ਹੇਠ ਚੱਲ ਰਿਹਾ ਸੀ ਅਤੇ ਬਿਨਾਂ ਕਿਸੇ ਇਜਾਜ਼ਤ ਦੇ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਤੋਂ ਗੁਜ਼ਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਈਰਾਨੀ ਅਧਿਕਾਰੀਆਂ ਮੁਤਾਬਕ, ਟੈਂਕਰ ਨੂੰ ਹਮਲੇ ਤੋਂ ਪਹਿਲਾਂ ਕਈ ਵਾਰ ਚਿਤਾਵਨੀ ਦਿੱਤੀ ਗਈ ਸੀ। ਜਦੋਂ ਟੈਂਕਰ ਵੱਲੋਂ ਕੋਈ ਜਵਾਬ ਨਾ ਮਿਲਿਆ, ਤਾਂ ਉਸ 'ਤੇ "ਟਾਰਗੇਟਿਡ ਸਟ੍ਰਾਈਕ" ਕੀਤੀ ਗਈ, ਜਿਸ ਕਾਰਨ ਜਹਾਜ਼ ਪੂਰੀ ਤਰ੍ਹਾਂ ਤਬਾਹ ਹੋ ਗਿਆ। ਈਰਾਨ ਨੇ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਉਸ ਦੀ ਗੱਲ ਨਾ ਮੰਨਣ ਵਾਲਿਆਂ ਦਾ ਇਹੀ ਅੰਜਾਮ ਹੋਵੇਗਾ ਅਤੇ ਉਸ ਦੀਆਂ ਚਿਤਾਵਨੀਆਂ ਨੂੰ ਹਲਕੇ ਵਿੱਚ ਨਾ ਲਿਆ ਜਾਵੇ। ਮਾਹਿਰਾਂ ਅਨੁਸਾਰ, ਹੋਰਮੁਜ਼ ਪਹਿਲਾਂ ਹੀ ਬਹੁਤ ਸੰਵੇਦਨਸ਼ੀਲ ਖੇਤਰ ਬਣਿਆ ਹੋਇਆ ਹੈ। ਇਸ ਰਸਤੇ ਦੀ ਅਹਿਮੀਅਤ ਇਸ ਗੱਲ ਤੋਂ ਲਗਾਈ ਜਾ ਸਕਦੀ ਹੈ ਕਿ ਦੁਨੀਆ ਦਾ ਲਗਭਗ 20 ਫੀਸਦੀ ਤੇਲ ਇੱਥੋਂ ਹੀ ਗੁਜ਼ਰਦਾ ਹੈ। ਅਜਿਹੇ ਹਮਲਿਆਂ ਨਾਲ ਵਿਸ਼ਵ ਊਰਜਾ ਬਾਜ਼ਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਸਕਦਾ ਹੈ। ਈਰਾਨੀ ਫੌਜ IRGC ਨੇ ਸਪੱਸ਼ਟ ਕੀਤਾ ਹੈ ਕਿ ਬਿਨਾਂ ਇਜਾਜ਼ਤ ਲੰਘਣ ਵਾਲੇ ਜਹਾਜ਼ਾਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਰਿਪੋਰਟਾਂ ਅਨੁਸਾਰ, ਈਰਾਨ ਹੁਣ ਸਿਰਫ਼ ਆਪਣੇ 'ਮਿੱਤਰ ਦੇਸ਼ਾਂ' ਦੇ ਜਹਾਜ਼ਾਂ ਨੂੰ ਹੀ ਇੱਥੋਂ ਲੰਘਣ ਦੀ ਸੀਮਤ ਇਜਾਜ਼ਤ ਦੇ ਰਿਹਾ ਹੈ। ਪਿਛਲੇ ਕੁਝ ਹਫ਼ਤਿਆਂ 'ਚ ਇਸ ਖੇਤਰ 'ਚ ਕਈ ਜਹਾਜ਼ਾਂ 'ਤੇ ਡਰੋਨ ਸਟ੍ਰਾਈਕ ਅਤੇ ਹਮਲੇ ਹੋਣ ਕਾਰਨ ਸਮੁੰਦਰੀ ਟ੍ਰੈਫਿਕ 'ਚ ਵੱਡੀ ਗਿਰਾਵਟ ਦੇਖੀ ਗਈ ਹੈ।



## ਨੇਪਾਲ 'ਚ ਸਰਕਾਰ ਬਦਲਦੇ ਹੀ ਸਾਬਕਾ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਗ੍ਰਿਫਤਾਰ, ਜੇਨ-ਜੀ ਅੰਦੋਲਨ ਨੂੰ ਲੈ ਕੇ ਲੱਗੇ ਇਲਜ਼ਾਮ

**ਕਾਠਮੰਡੂ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੀ ਰਾਜਨੀਤੀ ਵਿੱਚ ਇੱਕ ਵੱਡਾ ਘਟਨਾਕ੍ਰਮ ਹੋਇਆ ਹੈ। ਸਾਬਕਾ ਪ੍ਰਧਾਨ ਮੰਤਰੀ ਕੇਪੀ ਸ਼ਰਮਾ ਓਲੀ ਨੂੰ ਪਿਛਲੇ ਸਾਲ ਦੇ ਘਾਤਕ ਜਨਰਲ-ਜੀ ਵਿਰੋਧ ਪ੍ਰਦਰਸ਼ਨਾਂ ਵਿੱਚ ਕਥਿਤ ਭੂਮਿਕਾ ਲਈ ਗ੍ਰਿਫਤਾਰ ਕੀਤਾ ਗਿਆ ਹੈ। ਇਹ ਕਾਰਵਾਈ ਅਜਿਹੇ ਸਮੇਂ ਵਿੱਚ ਹੋਈ ਹੈ ਜਦੋਂ ਨਵੇਂ ਪ੍ਰਧਾਨ ਮੰਤਰੀ ਬਲੇਂਦਰ ਸ਼ਾਹ ਨੇ ਹਾਲ ਹੀ ਵਿੱਚ ਅਹੁਦੇ ਦੀ ਸਹੁੰ ਚੁੱਕੀ ਹੈ। ਸੱਤਾ ਤਬਦੀਲੀ ਤੋਂ ਤੁਰੰਤ ਬਾਅਦ ਹੋਈ ਇਸ ਗ੍ਰਿਫਤਾਰੀ ਨੇ ਦੇਸ਼ ਦੇ ਰਾਜਨੀਤਿਕ ਉਥਲ-ਪੁਥਲ ਨੂੰ ਤੇਜ਼ ਕਰ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਓਲੀ ਦੇ ਨਾਲ, ਉਨ੍ਹਾਂ ਦੇ ਸਾਬਕਾ ਗ੍ਰਹਿ ਮੰਤਰੀ ਰਮੇਸ਼ ਲੇਖਰ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਕਾਠਮੰਡੂ ਵੈਲੀ ਪੁਲਿਸ ਦੇ ਅਨੁਸਾਰ, ਦੋਵਾਂ ਨੂੰ ਅੱਜ ਸਵੇਰੇ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਹੁਣ ਅੱਗੇ ਦੀ ਕਾਨੂੰਨੀ ਕਾਰਵਾਈ ਸ਼ੁਰੂ ਹੋਵੇਗੀ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਹ ਕਾਰਵਾਈ ਬਦਲਾ ਲੈਣ ਲਈ ਨਹੀਂ, ਸਗੋਂ ਕਾਨੂੰਨ ਅਨੁਸਾਰ ਕੀਤੀ ਜਾ ਰਹੀ ਹੈ। ਇਸ ਦੌਰਾਨ, ਓਲੀ ਨੇ ਗ੍ਰਿਫਤਾਰੀ ਨੂੰ ਰਾਜਨੀਤਿਕ ਬਦਲਾ ਦੱਸਿਆ ਹੈ ਅਤੇ ਕਾਨੂੰਨੀ ਲੜਾਈ ਲੜਨ ਦੀ ਸਹੁੰ ਖਾਧੀ ਹੈ। ਪਿਛਲੇ ਸਾਲ ਸਤੰਬਰ ਵਿੱਚ, ਨੇਪਾਲ ਵਿੱਚ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਵਿਰੋਧੀ ਪ੍ਰਦਰਸ਼ਨ, ਜਿਨ੍ਹਾਂ ਨੂੰ ਜਨਰਲ-ਜੀ ਵਿਰੋਧ ਪ੍ਰਦਰਸ਼ਨ ਵਜੋਂ ਜਾਣਿਆ ਜਾਂਦਾ ਹੈ, ਭੜਕ ਉੱਠੇ। ਇਹ ਵਿਰੋਧ ਪ੍ਰਦਰਸ਼ਨ ਅਚਾਨਕ ਹਿੰਸਕ ਹੋ ਗਏ, ਜਿਸ ਦੇ ਨਤੀਜੇ ਵਜੋਂ ਦੋ ਦਿਨਾਂ ਦੇ ਅੰਦਰ 70 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ। ਹਿੰਸਾ ਨੇ ਓਲੀ ਸਰਕਾਰ ਅਤੇ ਇਸਦੇ ਅੰਤ ਵਿੱਚ ਪਤਨ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ। ਇਨ੍ਹਾਂ ਘਟਨਾਵਾਂ ਨੇ ਦੇਸ਼ ਦੇ ਰਾਜਨੀਤਿਕ ਦ੍ਰਿਸ਼ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ। ਹਾਲ ਹੀ ਵਿੱਚ ਬਣੇ ਇੱਕ ਉੱਚ-ਪੱਧਰੀ ਜਾਂਚ ਕਮਿਸ਼ਨ ਨੇ ਆਪਣੀ ਰਿਪੋਰਟ ਵਿੱਚ ਕਿਹਾ ਹੈ ਕਿ ਉਸ ਸਮੇਂ ਉੱਚ ਅਹੁਦਿਆਂ 'ਤੇ ਬੈਠੇ ਲੋਕਾਂ ਨੇ ਸਥਿਤੀ ਨੂੰ ਸੰਭਾਲਣ ਵਿੱਚ ਲਾਪਰਵਾਹੀ ਵਰਤੀ ਸੀ। ਕਮਿਸ਼ਨ ਨੇ ਓਲੀ ਅਤੇ ਰਮੇਸ਼ ਲੇਖਕ ਸਮੇਤ ਕਈ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਦੀ ਸਿਫ਼ਾਰਸ਼ ਕੀਤੀ। ਰਿਪੋਰਟ ਵਿੱਚ ਵੱਧ ਤੋਂ ਵੱਧ 10 ਸਾਲ ਦੀ ਸਜ਼ਾ ਦੀ ਵੀ ਸਿਫ਼ਾਰਸ਼ ਕੀਤੀ ਗਈ, ਜਿਸ ਨੂੰ ਨਵੀਂ ਸਰਕਾਰ ਨੇ ਬਾਅਦ ਵਿੱਚ ਲਾਗੂ ਕਰਨ ਦਾ ਫੈਸਲਾ ਕੀਤਾ।



## ਸ਼੍ਰੋਮਣੀ ਕਮੇਟੀ ਵੱਲੋਂ 1487.41 ਕਰੋੜ ਰੁਪਏ ਦਾ ਬਜਟ ਪਾਸ, ਪਿਛਲੇ ਸਾਲ ਨਾਲੋਂ 100 ਕਰੋੜ ਦਾ ਵਾਧਾ



**ਅੰਮ੍ਰਿਤਸਰ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਲ 2026-27 ਲਈ ਬਜਟ ਪਾਸ ਕਰ ਦਿੱਤਾ ਗਿਆ ਹੈ। ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਵੱਲੋਂ ਬਜਟ ਪੇਸ਼ ਕੀਤਾ ਗਿਆ, ਜੋ ਜੈਕਾਰਿਆਂ ਦੀ ਗੂੰਜ ਦੇ ਨਾਲ ਪਾਸ ਹੋ ਗਿਆ। ਇਸ ਸਾਲ ਕਮੇਟੀ ਵੱਲੋਂ 1487.41 ਕਰੋੜ ਰੁਪਏ ਦਾ ਬਜਟ ਪਾਸ ਕੀਤਾ ਗਿਆ ਹੈ। ਪਿਛਲੇ ਸਾਲ ਨਾਲੋਂ ਬਜਟ ਵਿਚ 100.94 ਕਰੋੜ ਰੁਪਏ, ਯਾਨੀ 7.28 ਫ਼ੀਸਦੀ ਦਾ ਵਾਧਾ ਕੀਤਾ ਗਿਆ ਹੈ। ਬਜਟ ਇਜਲਾਸ ਦੌਰਾਨ ਬੇਅਦਬੀਆਂ ਵਿਰੋਧੀ ਕਾਨੂੰਨ, ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਭਾਰਤ ਸਰਕਾਰ ਨੂੰ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਲਾਂਘਾ ਪਹਿਲਾਂ ਦੀ ਤਰ੍ਹਾਂ ਤੁਰੰਤ ਚਾਲੂ ਕੀਤੇ ਜਾਣ ਦੀ ਮੰਗ, 19 ਦੀ ਦੁਰਵਰਤੋਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਵੀ ਮਤੇ ਪਾਸ ਕੀਤੇ ਗਏ।

### ਬਜਟ ਸਰਕਾਰ ਦੇ ਮੁਕਾਬਲੇ ਕੇਵਲ 0.9 ਫੀਸਦੀ, ਫਿਰ ਵੀ ਸ਼੍ਰੋਮਣੀ ਕਮੇਟੀ ਕਰਦੀ ਹੈ ਵੱਡੇ ਕਾਰਜ- ਐਡਵੋਕੇਟ ਧਾਮੀ

ਐਡਵੋਕੇਟ ਧਾਮੀ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਸ ਸਾਲ ਧਰਮ ਪ੍ਰਚਾਰ ਕਮੇਟੀ ਦਾ ਬਜਟ 120 ਕਰੋੜ ਰੁਪਏ, ਜਦਕਿ ਗੁਰਦੁਆਰਾ ਸਾਹਿਬਾਨ ਦਾ ਬਜਟ 1127 ਕਰੋੜ 34 ਲੱਖ ਰੁਪਏ ਹੈ। ਇਸੇ ਤਰ੍ਹਾਂ ਜਨਰਲ ਬੋਰਡ ਫੰਡ, ਟ੍ਰਸਟ ਫੰਡ, ਵਿਦਿਆ ਫੰਡ, ਖੇਡਾਂ, ਪ੍ਰਿੰਟਿੰਗ ਪ੍ਰੈੱਸਾਂ ਅਤੇ ਵਿਦਿਅਕ ਅਦਾਰਿਆਂ ਲਈ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਥਕ ਭਲਾਈ ਕਾਰਜਾਂ ਲਈ 7 ਕਰੋੜ 61 ਲੱਖ ਰੁਪਏ ਰੱਖੇ ਗਏ ਹਨ।

(ਮੁਕੰਮਲ ਖ਼ਬਰ ਪੰਨਾ 8 'ਤੇ)

## ਵੱਡੀ ਵਾਰਦਾਤ ਨਾਲ ਕੰਬਿਆ ਪੰਜਾਬ, ਡਾਕਟਰ ਨੂੰ ਮਾਰੀ ਗੋਲ਼ੀ, ਪੁਲਸ ਨੇ ਜਾਰੀ ਕੀਤਾ ਅਲਰਟ



**ਤਰਨਤਾਰਨ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਰਹੱਦੀ ਇਲਾਕੇ ਵਿਚ ਮੌਜੂਦ ਪਿੰਡ ਅਮਰਕੋਟ ਵਿਖੇ ਅੱਜ ਸਵੇਰੇ 11 ਵਜੇ ਨਕਾਬ ਪੋਸ਼ ਹਮਲਾਵਰਾਂ ਵੱਲੋਂ ਜੱਜ ਮੈਡੀਕਲ ਸਟੋਰ ਉੱਪਰ ਅੰਨ੍ਹੇਵਾਹ ਫਾਇਰਿੰਗ ਕਰ ਦਿੱਤੀ। ਇਸ ਗੋਲੀਬਾਰੀ ਵਿਚ ਦੁਕਾਨ ਮਾਲਕ ਸੁਨੀਲ ਅਰੋੜਾ ਗਭੀਰ ਜ਼ਖਮੀ ਹੋ ਗਿਆ। ਫਿਰੌਤੀ ਨਾ ਦੇਣ ਦੇ ਚੱਲਦਿਆਂ ਹਮਲਾਵਰ ਇਸ ਵਾਰਦਾਤ ਨੂੰ ਅੰਜਾਮ ਦੇਣ ਆਏ ਸਨ। ਜਿਸ ਦੇ ਪਿੱਛੇ ਗੈਂਗਸਟਰ ਪ੍ਰਭ ਦਾਸੂਵਾਲ ਦਾ ਨਾਮ ਦੱਸਿਆ ਜਾ ਰਿਹਾ ਹੈ। ਵਾਰਦਾਤ ਦੀ ਸੂਚਨਾ ਮਿਲਣ ਤੋਂ ਬਾਅਦ ਜਿੱਥੇ ਦੁਕਾਨ ਮਾਲਕ ਨੂੰ ਜ਼ਖਮੀ ਹਾਲਤ ਵਿਚ ਭਿੱਖੀਵਿੰਡ ਦੇ ਨਿੱਜੀ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਉੱਥੇ ਹੀ ਪੁਲਸ ਵੱਲੋਂ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਨੇ ਇਲਾਕੇ ਵਿਚ ਅਲਰਟ ਜਾਰੀ ਕਰ ਦਿੱਤਾ ਹੈ। ਮਿਲੀ ਜਾਣਕਾਰੀ ਅਨੁਸਾਰ ਕਸਬਾ ਅਮਰਕੋਟ ਵਿਖੇ ਮੌਜੂਦ ਜੱਜ ਮੈਡੀਕਲ ਸਟੋਰ ਦੇ ਮਾਲਕ ਸੁਨੀਲ ਅਰੋੜਾ ਪੁੱਤਰ ਜੱਜਪਾਲ ਅਰੋੜਾ ਨਿਵਾਸੀ ਅਮਰਕੋਟ ਰੋਜ਼ਾਨਾ ਦੀ ਤਰ੍ਹਾਂ ਸਵੇਰੇ ਆਪਣੀ ਦੁਕਾਨ ਖੋਲ ਕੇ ਕੰਮਕਾਜ ਕਰ ਰਿਹਾ ਸੀ। ਇਸ ਦੌਰਾਨ ਇਕ ਮੋਟਰਸਾਈਕਲ ਉੱਪਰ ਸਵਾਰ ਤਿੰਨ ਨਕਾਬਪੋਸ਼ ਹਮਲਾਵਰਾਂ ਵੱਲੋਂ ਦੁਕਾਨ ਅੱਗੇ ਖੜੇ ਹੋ ਕੇ ਚਾਰ ਰੌਂਦ ਫਾਇਰ ਕੀਤੇ ਗਏ। ਇਸ ਫਾਇਰਿੰਗ ਦੌਰਾਨ ਦੁਕਾਨ ਅੱਗੇ ਲੱਗਾ ਸ਼ੀਸ਼ਾ ਟੁੱਟ ਗਿਆ ਅਤੇ ਗੋਲੀਆਂ ਆਰ ਪਾਰ ਹੋ ਗਈਆਂ। ਇਸ ਫਾਇਰਿੰਗ ਵਿਚ ਦੁਕਾਨ ਅੰਦਰ ਮੌਜੂਦ ਸੁਨੀਲ ਅਰੋੜਾ ਦੀ ਲੱਤ ਉਪਰ ਸ਼ਰੇ ਲੱਗਣ ਨਾਲ ਉਹ ਜ਼ਖਮੀ ਹੋ ਗਿਆ। ਜਿਸ ਨੂੰ ਤੁਰੰਤ ਭਿੱਖੀ ਪਿੰਡ ਦੇ ਇਕ ਨਿੱਜੀ ਹਸਪਤਾਲ ਵਿਚ ਇਲਾਜ ਲਈ ਭਰਤੀ ਕਰਵਾਇਆ ਗਿਆ ਹੈ। ਇਸ ਫਾਇਰਿੰਗ ਪਿੱਛੇ ਗੈਂਗਸਟਰ ਪ੍ਰਭ ਦਾਸੂਵਾਲ ਦਾ ਹੱਥ ਦੱਸਿਆ ਜਾ ਰਿਹਾ ਹੈ ਜਿਸ ਵੱਲੋਂ ਦੁਕਾਨ ਮਾਲਕ ਪਾਸੋਂ 30 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਬੀਤੇ ਕੁਝ ਮਹੀਨਿਆਂ ਤੋਂ ਕੀਤੀ ਜਾ ਰਹੀ ਸੀ। ਇਸ ਵਾਰਦਾਤ ਤੋਂ ਬਾਅਦ ਪਰਿਵਾਰ ਵਿਚ ਕਾਫੀ ਸਹਿਮ ਪਾਇਆ ਜਾ ਰਿਹਾ ਹੈ ਅਤੇ ਇਲਾਕੇ ਵਿਚ ਦੁਕਾਨਦਾਰਾਂ ਵੱਲੋਂ ਫਿਰੌਤੀ ਦੇ ਲਗਾਤਾਰ ਚੱਲ ਰਹੇ ਸਿਲਸਿਲੇ ਨੂੰ ਪੁਲਸ ਪ੍ਰਸ਼ਾਸਨ ਪਾਸੋਂ ਰੋਕਣ ਦੀ ਮੰਗ ਕਰ ਰਹੇ ਹਨ। ਪਰਿਵਾਰ ਨੇ ਪੁਲਸ ਪ੍ਰਸ਼ਾਸਨ ਪਾਸੋਂ ਕਾਨੂੰਨੀ ਕਾਰਵਾਈ ਅਤੇ ਸੁਰੱਖਿਆ ਦੀ ਮੰਗ ਕੀਤੀ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ ।**
**ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

# ਪਹਿਲੀ ਬਰਸੀ ਦਾ ਸਮਾਗਮ
# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ
## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)

ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

ਬੇਨਤੀ ਕਰਤਾ:
ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**
Harmeet Singh Bal, Jagjeet Kaur Bal, Bhavanpreet Kaur Sandhu

**Contact: +44 7771 608363**


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਦਾ

# ਸਲਾਨਾ ਨਤੀਜਾ ਐਲਾਨਿਆ



**ਚੌਕ ਮਹਿਤਾ, 28 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ,ਨਾਥ ਦੀ ਖੂਹੀ ( ਚੰਨਣਕੇ) ਵਿਖੇ ਸੈਸ਼ਨ 2025-26 ਦਾ ਸਲਾਨਾ ਨਤੀਜਾ ਘੋਸ਼ਿਤ ਕੀਤਾ ਗਿਆ, ਜੋ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 100 ਫ਼ੀਸਦੀ ਰਿਹਾ।ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ ਉੱਤਮ ਪ੍ਰਦਰਸ਼ਨ ਕਰਦੇ ਹੋਏ ਉੱਚ ਅੰਕ ਪ੍ਰਾਪਤ ਕੀਤੇ।ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਸ. ਸ਼ਿਵਚਰਨ ਸਿੰਘ ਜੀ ਵੱਲੋਂ ਵਿਦਿਆਰਥੀਆਂ ਦੀਆਂ ਉਪਲਬਧੀਆਂ ਦੀ ਭਰਪੂਰ ਸਰਾਹਨਾ ਕੀਤੀ ਗਈ ਅਤੇ ਉਹਨਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ ਗਿਆ।ਹਰ ਜਮਾਤ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਮਰਿਤੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਇਸ ਸੈਸ਼ਨ ਦੌਰਾਨ ਕਿਤਾਬਾਂ ਦੀ ਸੰਭਾਲ ਕਰਨ ਵਾਲੇ ਅਤੇ ਵੱਧ ਪ੍ਰਤੀਸ਼ਤ ਹਾਜ਼ਰੀਆਂ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ,ਸਕੂਲ ਵਿੱਚ ਪੁਜੀਸ਼ਨ ਹੋਲਡਰ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਸੈਲਫੀ ਪੁਆਇੰਟ ਵੀ ਤਿਆਰ ਕੀਤਾ ਗਿਆ, ਜੋ ਸਭ ਲਈ ਖਾਸ ਆਕਰਸ਼ਣ ਦਾ ਕੇਂਦਰ ਬਣਿਆ ਰਿਹਾ। ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਮੈਡਮ ਸ਼੍ਰੀਮਤੀ ਗੁਰਦੀਪ ਕੌਰ ਜੀ ਨੇ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਤਹਿ ਦਿਲੋਂ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਕਾਮਯਾਬੀ ਅਧਿਆਪਕਾਂ ਦੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।

# ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਸ਼ਾਨਦਾਰ ਨਤੀਜੇ




**ਚੌਕ ਮਹਿਤਾ,28 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਮਹਿਤਾ ਦੇ ਨੌਵੀਂ ਅਤੇ ਗਿਆਰਵੀਂ ਜਮਾਤ ਦੇ ਨਤੀਜੇ ਘੋਸ਼ਿਤ ਕੀਤੇ ਗਏ। ਸਕੂਲ ਦੇ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਬਹੁਤ ਹੀ ਪ੍ਰਸ਼ੰਸਾਯੋਗ ਪ੍ਰਦਰਸ਼ਨ ਕੀਤਾ।ਜਿਸ ਵਿੱਚ ਨੌਵੀਂ ਜਮਾਤ ਦੀ ਸ਼ੁਭਨੀਤ ਕੌਰ,ਪਵਨਜੀਤ ਸਿੰਘ,ਅਤੇ ਪਵਰੀਤ ਕੌਰ ਨੇ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ 11ਵੀਂ ਜਮਾਤ ਕਾਮਰਸ ਸਟਰੀਮ ਵਿਚ ਮਹਿਕਪ੍ਰੀਤ ਕੌਰ, ਅਭਿਜੋਤ ਕੌਰ, ਗੁਰਪ੍ਰੀਤ ਸਿੰਘ; ਨਾਨ ਮੈਡੀਕਲ ਸਟਰੀਮ ਵਿਚ ਸਾਹਿਲਪ੍ਰੀਤ ਕੌਰ,ਅਵਨੀਤ ਸਿੰਘ,ਕੋਮਲਪ੍ਰੀਤ ਕੌਰ; ਮੈਡੀਕਲ ਸਟਰੀਮ ਵਿਚ ਅਵਲੀਨ ਕੌਰ ਤੇ ਜਸਕਰਨ ਸਿੰਘ,ਭਾਵਨਾ ਸ਼ਰਮਾ,ਦਮਨਪ੍ਰੀਤ ਕੌਰ ਤੇ ਸਾਹਿਬਨਦੀਪ ਕੌਰ,ਪਵਨਦੀਪ ਕੌਰ,ਰਵਨੀਤ ਕੌਰ ਅਤੇ ਇਸੇ ਤਰ੍ਹਾਂ ਆਰਟਸ ਸਟਰੀਮ ਵਿਚ ਨਵਨੀਤ ਕੌਰ,ਰਵਨੀਤ ਕੌਰ,ਸ਼ੁਭਕਰਨ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਦਰਜਾ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।

ਇਸ ਮੌਕੇ ਸਰਦਾਰ ਸੁਖਦੇਵ ਸਿੰਘ ਨੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ । ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਟਾਫ ਮੈਂਬਰਾਂ ਨੇ ਸਕੂਲ ਦੇ ਚਮਕਦੇ ਸਿਤਾਰਿਆਂ ਨੂੰ ਸਨਮਾਨਿਤ ਕੀਤਾ। ਪ੍ਰਿੰਸੀਪਲ ਸਾਹਿਬ ਨੇ ਖੁਸ਼ੀ ਜਾਹਿਰ ਕਰਦੇ ਹੋਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਭਵਿੱਖ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ ।ਬੱਚਿਆਂ ਦੇ ਉਤਸ਼ਾਹ ਤੇ ਸ਼ਾਨਦਾਰ ਨਤੀਜਿਆਂ ਕਰਕੇ ਅੱਜ ਸਕੂਲ ਵਿੱਚ ਵਿਦਿਆਰਥੀਆਂ ਦੀ ਦਾਖਲਾ ਲੈਣ ਦੀ ਰੁਚੀ ਬਹੁਤ ਵੱਧ ਗਈ ਹੈ।

ਇਸ ਸੁਭਾਗੇ ਮੌਕੇ ਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਡਾ: ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ , ਸੁਖਦੇਵ ਸਿੰਘ , ਸੁਖਜੀਤ ਸਿੰਘ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆ ।

# ਮਜੀਠੀਆ ਨੇ ਜ਼ਿਲਾ ਪ੍ਰਧਾਨ ਮਨਜੀਤ ਭੱਟੀ ਨੂੰ ਡਟ ਕੇ ਕੰਮ ਕਰਨ ਲਈ ਦਿੱਤਾ ਥਾਪੜਾ



ਚੌਕ ਮਹਿਤਾ, 28ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਜੰਡਿਆਲਾ ਗੁਰੂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ (ਐੱਸ. ਸੀ. ਵਿੰਗ) ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਮਨਜੀਤ ਸਿੰਘ ਭੱਟੀ ਨੇ ਅੱਜ ਹਲਕੇ ਮੰਤਰੀ ਮਜੀਠੀਆ ਨੇ ਜ਼ਿਲਾ ਪ੍ਰਧਾਨ ਮਨਜੀਤ ਭੱਟੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਡਟ ਕੇ ਕੰਮ ਕਰਨ ਲਈ ਥਾਪੜਾ ਦਿੱਤਾ। ਸ. ਮਜੀਠੀਆ ਨੇ ਕਿਹਾ ਕਿ 1 ਅਪ੍ਰੈਲ ਤੋਂ ਸ਼ੁਰੂ ਹੋਣ ਵਾਲੀ ਕਣਕ ਦੀ ਖਰੀਦ ਲਈ ਸਰਕਾਰ ਨੇ ਕੋਈ ਪ੍ਰਬੰਧ ਨਹੀਂ ਕੀਤਾ।ਸਰਕਾਰ ਮੰਨ ਚੁੱਕੀ ਹੈ ਕਿ ਉਸ ਦੇ ਕੋਲ ਅਗਾਮੀ ਕਣਕ ਦੀ ਫਸਲ ਨੂੰ ਰੱਖਣ ਲਈ 5 ਕਰੋੜ ਜੂਟ ਬੋਰੀਆਂ ਅਤੇ 22 ਲੱਖ ਮੀਟ੍ਰਿਕ ਟਨ ਸਟੋਰੇਜ ਸਮਰੱਥਾ ਦੀ ਕਮੀ ਹੈ, ਜਦਕਿ ਹੁਣ ਤੱਕ ਲੋੜੀਂਦਾ ਬਾਰਦਾਨਾ ਅਤੇ ਲੋੜੀਂਦੀ ਸਟੋਰੇਜ ਦਾ ਪ੍ਰਬੰਧ ਮੁਕੰਮਲ ਹੋਣਾਂ ਚਾਹੀਦਾ ਸੀ । ਦੀਆਂ ਸਿਆਸੀ ਸਰਗਰਮੀਆਂ ਨੂੰ ਲੈ ਕੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨਾਲ ਇਕ ਅਹਿਮਮੁਲਾਕਾਤ ਕੀਤੀ। ਉਨ੍ਹਾਂ ਸ. ਮਜੀਠੀਆ ਨੂੰ ਜ਼ਮੀਨੀ ਪੱਧਰ ਦੀਆਂ ਸਰਗਰਮੀਆਂ ਤੋਂ ਜਾਣੂ ਕਰਵਾਇਆ ਅਤੇ ਹਲਕੇ ਦੇ ਅੰਦਰ ਪਾਰਟੀ ਨੂੰ ਹੋਰ ਵਧੇਰੇ ਮਜ਼ਬੂਤ ਬਣਾਉਣ ਲਈ ਜ਼ਰੂਰੀ ਵਿਚਾਰ-ਚਰਚਾ ਕੀਤੀ। ਇਸ ਸਮੇਂ ਸਾਬਕਾ ਮੰਤਰੀ ਮਜੀਠੀਆ ਨੇ ਕਿਹਾ ਕਿ ਪੰਜਾਬ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ 'ਚ ਲਿਆਉਣ ਦਾ ਤਹੱਈਆ ਕਰ ਚੁੱਕੇ ਹਨ।ਉਹ ਹੁਣ ਦਿੱਲੀ ਦੀਆਂ ਪਾਰਟੀਆਂ ਦੇ ਝਾਂਸੇ 'ਚ ਨਹੀਂ ਆਉਣਗੇ ਅਤੇ ਸੂਬੇ ਦੀ ਵਾਗਡੋਰ ਸਿਰਫ਼ ਅਕਾਲੀ ਦਲ ਨੂੰ ਸੌਂਪਣਗੇ ।

# ਪੱਤਰਕਾਰ ਜਗੀਰ ਸਿੰਘ ਸਫਰੀ ਨੂੰ ਸਦਮਾ, ਭਰਾ ਦਾ ਦਿਹਾਂਤ



**ਬਾਬਾ ਬਕਾਲਾ ਸਾਹਿਬ, 28 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਠਿਆਲਾ ਤੋਂ 'ਅਜੀਤ' ਦੇ ਪੱਤਰਕਾਰ ਜਗੀਰ ਸਿੰਘ ਸਫਰੀ ਨੂੰ ਉਸ ਵਕਤ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਵੱਡੇ ਭਰਾ ਦਲਬੀਰ ਸਿੰਘ ਪੁੱਤਰ ਜਥੇਦਾਰ ਤੋਤਾ ਸਿੰਘ (68) ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਹੈ ।ਉਹ ਪਿੱਛੇ ਪੰਜ ਧੀਆਂ ਅਤੇ ਇੱਕ ਬੇਟਾ ਤਰਸਪਰੀਤ ਸਿੰਘ ਅਤੇ ਪਤਨੀ ਦਲਬੀਰ ਕੌਰ ਨੂੰ ਛੱਡ ਗਏ ਹਨ।ਇਸ ਮੌਕੇ ਤੇ ਅਜੀਤ ਉਪ ਦਫ਼ਤਰ ਇੰਚਾਰਜ ਜਸਵੰਤ ਸਿੰਘ ਜੱਸ ਅਮ੍ਰਿੰਤਸਰ, ਡਿਪਟੀ ਡਾਇਰੈਕਟਰ ਰਣਬੀਰ ਸਿੰਘ ਦੋਲੋ ਨੰਗਲ , ਪ੍ਰਧਾਨ ਬੂਟਾ ਸਿੰਘ ਸਠਿਆਲਾ, ਸਾਬਕਾ ਸਰਪੰਚ ਗੁਲਜ਼ਾਰ ਸਿੰਘ ਜਗਜੀਤ ਸਿੰਘ ਛੱਜਲਵੱਡੀ, ਅਰਸ ਉਮਰਾਨੰਗਲ, ਸਰਪੰਚ ਗੁਰਜਿੰਦਰ ਸਿੰਘ ਗਿੰਦਾ, ਜਰਨੈਲ ਸਿੰਘ ਕੋਟ ਮਹਿਤਾਬ ,, ਐਡਵੋਕੇਟ ਸੁਖਦੇਵ ਸਿੰਘ ਟਪਿਆਲਾ, ਐਡਵੋਕੇਟ ਪ੍ਰਵੀਨ ਸਿੰਘ ਭਲਾਈਪੁਰ, ਜਗੀਰ ਸਿੰਘ ਭਲਾਈਪੁਰ,ਪਿੰ,ਸਰਦੀਪ ਸਿੰਘ ਐਡਵੋਕੇਟ ਸਰਬਜੀਤ ਸਿੰਘ ਭਲਾਈਪੁਰ,ਬਲਜੀਤ ਸਿੰਘ ਭੱਟੀ, ਸਰਪੰਚ ਕਸ਼ਮੀਰ ਸਿੰਘ, ਪ੍ਰਿੰ: ਨਵਤੇਜ ਸਿੰਘ ਬੱਲ ਜਲੰਧਰ, ਲਖਵਿੰਦਰ ਸਿੰਘ ਪਟਵਾਰੀ ਸਾਬਕਾ ਸਰਪੰਚ ਸੁੱਚਾ ਸਿੰਘ, ਠੇਕੇਦਾਰ ਦਿਲਬਾਗ ਸਿੰਘ, ਸਤਨਾਮ ਸਿੰਘ ਸਹੋਤਾ, ਗਿਆਨੀ ਬੂਟਾ ਸਿੰਘ, ਦਰਬਾਰਾ ਸਿੰਘ, ਇਕਬਾਲ ਸਿੰਘ ਬੱਲ, ਸਾ: ਸਰਪੰਚ ਸੰਤੋਖ ਸਿੰਘ, ਜਸਬੀਰ ਸਿੰਘ ਚੱਠਾ, ਦਵਿੰਦਰ ਜੀਤ ਸਿੰਘ ਭੰਗੂ,ਬੀਰਬਲ ਸਿੰਘ ਛੱਜਲਵੱਡੀ, ਐਡਵੋਕੇਟ ਸੰਨੀ ਵੋਹਰਾ ਭਾਈ ਹਰਮੇਸ਼ ਸਿੰਘ ਜੰਡਿਆਲਾ, ਸਕੱਤਰ ਸਿੰਘ ਪੁਰੇਵਾਲ ਬਾਬਾ ਹਰਜੀਤ ਸਿੰਘ, ਸੁੱਚਾ ਸਿੰਘ ਫੌਜੀ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

---




**ਸਮਾਜ ਸੇਵੀ ਬਹੁਤ ਸਤਿਕਾਰ ਯੋਗ ਗਿਆਨੀ ਬਿਕਰਮਜੀਤ ਸਿੰਘ ਟਕਾਪੁਰ ਜੀ ਬੇਟਾ ਹਰਕੀਰਤ ਸਿੰਘ ਟਕਾਪੁਰ , ਆਪਣੀ ਕਲਾਸ ਵਿੱਚੋਂ ਪਹਿਲੇ ਨੰਬਰ ਤੇ ਆਇਆ ਹੈ। ਇਸ ਬੱਚੇ ਨੇ ,100% ਅੰਕ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ ।ਬੱਚੇ ਨੂੰ ਸਨਮਾਨਿਤ ਕਰਦੇ ਹੋਏ ਸਕੂਲ ਹੈਡ ਟੀਚਰ ਅਤੇ ਸਮੂਹ ਸਟਾਫ ਨਾਲ ਹਨ ਸਮਾਜ ਸੇਵੀ ਬਾਬਾ ਬਿਕਰਮਜੀਤ ਸਿੰਘ ਟਕਾਪੁਰ।**

(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼੍ਰੋਮਣੀ ਕਮੇਟੀ ਦਾ ਵਿੱਤੀ ਵਰ੍ਹੇ 2026-27 ਲਈ

# 1487 ਕਰੋੜ 41 ਲੱਖ ਰੁਪਏ ਦਾ ਬਜਟ ਜੈਕਾਰਿਆਂ ਦੀ ਗੂੰਜ ਵਿੱਚ ਪਾਸ



ਨਵੀਂ ਦਿੱਲੀ, 28 ਮਾਰਚ (ਮਨਪ੍ਰੀਤ ਸਿੰਘ ਖਾਲਸਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿੱਤੀ ਵਰ੍ਹੇ 2026-27 ਲਈ 1487 ਕਰੋੜ 41 ਲੱਖ ਦਾ ਬਜਟ ਹਾਜ਼ਰ ਮੈਂਬਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਹੋਏ ਬਜਟ ਇਜਲਾਸ ਦੀ ਪ੍ਰਧਾਨਗੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ, ਜਦਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕੀਤਾ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕਾਰਜਕਾਰੀ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਉਚੇਚੇ ਤੌਰ 'ਤੇ ਮੌਜੂਦ ਰਹੇ। ਸ਼੍ਰੋਮਣੀ ਕਮੇਟੀ ਦੇ ਇਸ ਸਾਲ ਪਾਸ ਕੀਤੇ ਗਏ 1487 ਕਰੋੜ 41 ਲੱਖ ਰੁਪਏ ਦੇ ਬਜਟ ਵਿੱਚ ਪਿਛਲੇ ਸਾਲ ਨਾਲੋਂ 7.28 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕਰਦਿਆਂ ਵੱਖ-ਵੱਖ ਵਿਭਾਗਾਂ ਅਤੇ ਅਦਾਰਿਆਂ ਲਈ ਹੋਣ ਵਾਲੀ ਆਮਦਨ ਦੇ ਵੇਰਵੇ ਸਾਂਝੇ ਕੀਤੇ ਅਤੇ ਭਵਿੱਖੀ ਕਾਰਜਾਂ ਲਈ ਰੱਖੀ ਗਈ ਰਾਸ਼ੀ ਦਾ ਖੁਲਾਸਾ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਅਰਸੇ ਵਿਚ ਕੀਤੇ ਗਏ ਪੰਥਕ, ਵਿਦਿਅਕ, ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਕਾਰਜਾਂ ਦਾ ਵੀ ਜ਼ਿਕਰ ਕੀਤਾ। ਸ. ਮੰਡਵਾਲਾ ਨੇ ਬਜਟ ਪੇਸ਼ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਜਿਥੇ ਸਿੱਖ ਪੰਥ ਨਾਲ ਸਬੰਧਤ ਸ਼ਤਾਬਦੀਆਂ ਖ਼ਾਲਸਈ ਜਾਹੋ ਜਲਾਲ ਨਾਲ ਮਨਾਈਆਂ ਗਈਆਂ, ਉਥੇ ਹੀ ਸਿੱਖ ਸੰਸਥਾ ਨੇ ਧਰਮ ਪ੍ਰਚਾਰ, ਵਿੱਦਿਆ ਦੇ ਪ੍ਰਚਾਰ ਪ੍ਰਸਾਰ, ਪੰਥਕ ਕਾਰਜਾਂ ਅਤੇ ਲੋਕ ਭਲਾਈ ਵਾਸਤੇ ਅਹਿਮ ਕਾਰਜ ਕੀਤੇ ਹਨ। ਇਸ ਵਾਰ ਵੀ ਬਜਟ ਵਿੱਚ ਇਨ੍ਹਾਂ ਖੇਤਰਾਂ ਲਈ ਵਿਸ਼ੇਸ਼ ਰਾਸ਼ੀ ਦਾ ਇੰਤਜਾਮ ਕੀਤਾ ਗਿਆ ਹੈ। ਉਨ੍ਹਾਂ ਬਜਟ ਤਰਜ਼ੀਹਾਂ ਅਤੇ ਵੱਖ-ਵੱਖ ਕਾਰਜਾਂ ਲਈ ਰੱਖੀ ਰਾਸ਼ੀ ਨੂੰ ਵੇਰਵੇ ਸਹਿਤ ਦੱਸਿਆ।

> **ਬਜਟ ਸਰਕਾਰ ਦੇ ਮੁਕਾਬਲੇ ਕੇਵਲ 0.9 ਫੀਸਦੀ, ਫਿਰ ਵੀ ਸ਼੍ਰੋਮਣੀ ਕਮੇਟੀ ਕਰਦੀ ਹੈ ਵੱਡੇ ਕਾਰਜ- ਐਡਵੋਕੇਟ ਧਾਮੀ**

ਬਜਟ ਇਜਲਾਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਵੱਲੋਂ ਪੇਸ਼ ਕੀਤਾ ਗਿਆ ਬਜਟ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਵਾਲਾ ਹੈ ਅਤੇ ਇਸ ਵਿੱਚ ਸੰਗਤਾਂ ਲਈ ਸਹੂਲਤਾਂ ਦਾ ਖ਼ਾਸ ਧਿਆਨ ਰੱਖਿਆ ਗਿਆ ਹੈ। ਇਸ ਤਹਿਤ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਨਵੀਆਂ ਸਰਾਵਾਂ ਦੀ ਉਸਾਰੀ ਲਈ 33 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਇਸੇ ਤਰ੍ਹਾਂ ਸਿਹਤ ਅਤੇ ਸਿੱਖਿਆ ਸੇਵਾਵਾਂ ਵਿੱਚ ਪ੍ਰਭਾਵੀ ਵਾਧਾ ਅਤੇ ਧਰਮ ਪ੍ਰਚਾਰ ਖੇਤਰ ਅੰਦਰ ਬਿਹਤਰ ਨਤੀਜੇ ਹਾਸਲ ਕਰਨ ਦਾ ਯਤਨ ਕੀਤਾ ਜਾਵੇਗਾ।

ਐਡਵੋਕੇਟ ਧਾਮੀ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਸ ਸਾਲ ਧਰਮ ਪ੍ਰਚਾਰ ਕਮੇਟੀ ਦਾ ਬਜਟ 120 ਕਰੋੜ ਰੁਪਏ, ਜਦਕਿ ਗੁਰਦੁਆਰਾ ਸਾਹਿਬਾਨ ਦਾ ਬਜਟ 1127 ਕਰੋੜ 34 ਲੱਖ ਰੁਪਏ ਹੈ। ਇਸੇ ਤਰ੍ਹਾਂ ਜਨਰਲ ਬੋਰਡ ਫੰਡ, ਟ੍ਰਸਟ ਫੰਡ, ਵਿਦਿਆ ਫੰਡ, ਖੇਡਾਂ, ਪ੍ਰਿੰਟਿੰਗ ਪ੍ਰੈੱਸਾਂ ਅਤੇ ਵਿਦਿਅਕ ਅਦਾਰਿਆਂ ਲਈ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਥਕ ਭਲਾਈ ਕਾਰਜਾਂ ਲਈ 7 ਕਰੋੜ 61 ਲੱਖ ਰੁਪਏ ਰੱਖੇ ਗਏ ਹਨ। ਇਸ ਤਹਿਤ ਨਿਹੰਗ ਸਿੰਘ ਜਥੇਬੰਦੀਆਂ ਦਾ ਬੰਧਾਨ, ਪੰਥਕ ਭਲਾਈ ਕਾਰਜਾਂ ਲਈ ਸਹਾਇਤਾ, ਜੇਲ੍ਹਾਂ ਵਿਚ ਬੰਦ ਸਿੰਘਾਂ ਦੇ ਕੇਸਾਂ ਦੀ ਪੈਰਵਾਈ ਅਤੇ ਵਕੀਲਾਂ ਦੀ ਫੀਸ, ਜੇਲ੍ਹਾਂ ਵਿਚ ਬੰਦ ਸਿੰਘਾਂ ਨੂੰ ਮਾਸਿਕ ਸਨਮਾਨ ਭੱਤਾ, ਸਿੱਖ ਧਰਮ ਲਈ ਕੁਰਬਾਨੀ ਕਰਨ ਵਾਲੇ ਸਿੰਘਾਂ ਦੇ ਪਰਿਵਾਰਾਂ ਨੂੰ ਪੈਨਸ਼ਨਾਂ, ਸ਼ਹੀਦ ਅਤੇ ਜ਼ਖ਼ਮੀ ਸਿੰਘਾਂ ਦੇ ਪਰਿਵਾਰਾਂ ਨੂੰ ਸਹਾਇਤਾ, ਧਰਮੀ ਫ਼ੌਜੀਆਂ, ਸਿਕਲੀਗਰ ਤੇ ਵਣਜਾਰੇ ਸਿੱਖਾਂ ਲਈ ਸਹਾਇਤਾ ਦੇ ਨਾਲ-ਨਾਲ ਪੰਥਕ ਸਮਾਜਸੇਵੀ ਜਥੇਬੰਦੀਆਂ ਅਤੇ ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਸਿੱਖੀ ਪ੍ਰਚਾਰ ਕਰਵਾਉਣ ਲਈ ਸਹਾਇਤਾ ਸ਼ਾਮਲ ਹੈ।

ਇਸੇ ਤਰ੍ਹਾਂ ਸਿੱਖ ਬੱਚਿਆਂ ਨੂੰ ਮੁਫਤ ਵਿਦਿਆ ਲਈ 12 ਕਰੋੜ 50 ਲੱਖ ਰੁਪਏ ਰਾਖਵੇਂ ਰੱਖੇ ਹਨ। ਇਸ ਵਿਚ ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ, ਅੰਮ੍ਰਿਤਧਾਰੀ ਲੜਕੀਆਂ ਨੂੰ ਮੁਫ਼ਤ ਵਿੱਦਿਆ, ਗ਼ਰੀਬ ਵਿਦਿਆਰਥੀਆਂ ਲਈ ਸਹਾਇਤਾ, ਨਿਸ਼ਚੈ ਅਕੈਡਮੀ ਰਾਹੀਂ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜਵਾਨਾਂ ਦੀ ਤਿਆਰੀ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਦੇ ਨਾਲ-ਨਾਲ ਪ੍ਰਸ਼ਾਸਨਿਕ ਪ੍ਰੀਖਿਆ ਦਾ ਮੁੱਢਲਾ ਟੈਸਟ ਪਾਸ ਕਰਨ ਵਾਲੇ ਗੁਰਸਿੱਖ ਵਿਦਿਆਰਥੀਆਂ ਲਈ ਮੇਨ ਦੀ ਤਿਆਰੀ ਵਾਸਤੇ 5 ਕਰੋੜ ਰੁਪਏ ਰਾਖਵੇਂ ਕੀਤੇ ਗਏ ਹਨ। ਇਸੇ ਤਰ੍ਹਾਂ ਸਿੱਖੀ ਪ੍ਰਚਾਰ ਲਈ 13 ਕਰੋੜ 25 ਲੱਖ ਰੁਪਏ ਅਤੇ ਸ਼ਤਾਬਦੀ ਸਮਾਗਮਾਂ ਲਈ 7 ਕਰੋੜ ਰੁਪਏ ਹਨ। ਇਸੇ ਤਰ੍ਹਾਂ ਖੇਡਾਂ ਲਈ 3 ਕਰੋੜ 11 ਲੱਖ ਰੁਪਏ, ਕੁਦਰਤੀ ਆਫ਼ਤਾਂ ਲਈ 1 ਕਰੋੜ 60 ਲੱਖ ਰੁਪਏ ਰੱਖੇ ਗਏ ਹਨ। ਇਸੇ ਤਰ੍ਹਾਂ ਵਿਦਿਅਕ ਸੰਸਥਾਵਾਂ ਲਈ ਸਹਾਇਤਾ ਵਜੋਂ 66 ਕਰੋੜ 77 ਲੱਖ ਰੁਪਏ ਦੀ ਰਾਸ਼ੀ ਰੱਖੀ ਗਈ ਹੈ, ਜਿਸ ਵਿਚ ਵਿਦਿਅਕ ਅਦਾਰਿਆਂ ਨੂੰ ਵਿੱਤੀ ਸਹਾਇਤਾ, ਢਾਂਚੇ ਦਾ ਨਵੀਨੀਕਰਨ, ਇਮਾਰਤਾਂ ਦੀ ਸਾਂਭ-ਸੰਭਾਲ, ਮੀਰੀ ਪੀਰੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ ਸ਼ਾਹਬਾਦ ਮਾਰਕੰਡਾ ਲਈ ਸਹਾਇਤਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਲਈ ਸਹਾਇਤਾ ਆਦਿ ਸ਼ਾਮਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬਜਟ ਦਾ ਮੁੱਖ ਸਰੋਤ ਸੰਗਤਾਂ ਵੱਲੋਂ ਭੇਟਾ ਕੀਤੀ ਜਾਂਦੀ ਰਾਸ਼ੀ ਅਤੇ ਦਸਵੰਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਤੋਂ ਬਜਟ ਦੀ ਅਨੁਮਾਨਿਤ ਰਾਸ਼ੀ 'ਚ ਵਾਧਾ ਦਰਜ ਕੀਤਾ ਜਾ ਰਿਹਾ ਹੈ, ਜੋ ਖਰਚਿਆਂ ਨੂੰ ਲੋੜ-ਅਨੁਸਾਰ ਅਤੇ ਨਿਯਮਿਤ ਕਰਨ ਦਾ ਨਤੀਜਾ ਹੈ। ਉਨ੍ਹਾਂ ਵਚਨਬੱਧਤਾ ਪ੍ਰਗਟਾਈ ਕਿ ਸਿੱਖ ਸੰਸਥਾ ਦੇ ਕਾਰਜ ਸੰਗਤ ਦੀ ਭਾਵਨਾ ਅਨੁਸਾਰ ਜਾਰੀ ਰੱਖੇ ਜਾਣਗੇ ਅਤੇ ਖਾਸ ਕਰਕੇ ਸੰਗਤੀ ਸਹੂਲਤਾਂ ਨੂੰ ਤਰਜੀਹ ਦਿੱਤੀ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਹੁਤ ਸਾਰੇ ਲੋਕਾਂ ਦਾ ਸਵਾਲ ਹੁੰਦਾ ਹੈ ਕਿ ਸ਼੍ਰੋਮਣੀ ਕਮੇਟੀ ਦਾ ਬਜਟ ਪੰਜਾਬ ਸਰਕਾਰ ਦੇ ਬਰਾਬਰ ਹੈ, ਜਦਕਿ ਹਕੀਕਤ ਇਹ ਹੈ ਕਿ ਇਹ ਸਰਕਾਰ ਦੇ ਬਜਟ ਮੁਕਾਬਲੇ ਕੇਵਲ 0.9% ਹੀ ਹੈ। ਇਹ ਕੇਵਲ ਇਕ ਵੱਡੇ ਸ਼ਹਿਰ ਦੇ ਨਿਗਮ ਦੇ ਬਰਾਬਰ ਹੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਵੀ ਗੁਰੂ ਸਾਹਿਬ ਦੀ ਰਹਿਮਤ ਸਦਕਾ ਸ਼੍ਰੋਮਣੀ ਕਮੇਟੀ ਵੱਡੇ ਕਾਰਜ ਕਰਦੀ ਹੈ। ਬਜਟ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਵੱਲੋਂ ਸ਼ੁਰੂ ਕੀਤੀ ਗਈ, ਜਦਕਿ ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਗੁਰਪ੍ਰੀਤ ਸਿੰਘ ਅਤੇ ਸ. ਅਜਮੇਰ ਸਿੰਘ ਖੇੜਾ ਨੇ ਵੀ ਆਪਣੇ ਵਿਚਾਰ ਰੱਖੇ। ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ, ਸ. ਮਿੱਠੂ ਸਿੰਘ ਕਾਹਨੇਕੇ, ਮੈਂਬਰ ਸ. ਅਮਰੀਕ ਸਿੰਘ ਜਨੈਤਪੁਰ, ਸ. ਹਰਪਾਲ ਸਿੰਘ, ਸ. ਹਰਭਜਨ ਸਿੰਘ ਮਸਾਣਾਂ, ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਗਸੀਰ ਸਿੰਘ ਮਾਗੇਆਣਾ, ਬੀਬੀ ਕਿਰਨਵੀਰ ਕੌਰ, ਸ. ਕੌਰ ਸਿੰਘ ਬਹਾਵਵਾਲਾ, ਬੀਬੀ ਪਰਮਿੰਦਰ ਕੌਰ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਬਲਵਿੰਦਰ ਸਿੰਘ ਭੰਮਾਂ ਲੰਡਾ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਗੁਰਮੀਤ ਸਿੰਘ ਬੂਹ, ਸ. ਸੁਖਜੀਤ ਸਿੰਘ ਲੋਹਗੜ੍ਹ, ਸ. ਸੁਖਹਰਪ੍ਰੀਤ ਸਿੰਘ ਰੋਡੇ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸ. ਫੁੰਮਣ ਸਿੰਘ, ਬੀਬੀ ਜੋਗਿੰਦਰ ਕੌਰ ਰਠੌਰ, ਸ. ਸੁਰਜੀਤ ਸਿੰਘ ਰਾਏਪੁਰ, ਬਾਬਾ ਬੂਟਾ ਸਿੰਘ, ਬੀਬੀ ਪਰਮਜੀਤ ਕੌਰ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ ਚੰਗਾਲ, ਸ. ਪਰਮਜੀਤ ਸਿੰਘ ਖਾਲਸਾ, ਸ. ਬਲਦੇਵ ਸਿੰਘ ਚੂੰਘਾ, ਸੰਤ ਬਲਬੀਰ ਸਿੰਘ ਘੁੰਨਸ, ਬੀਬੀ ਸ਼ਰਨਜੀਤ ਕੌਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਗਲਾ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਜਰਨੈਲ ਸਿੰਘ ਕਰਤਾਰਪੁਰ, ਸ. ਜਸਮੇਰ ਸਿੰਘ ਲਾਛੜੂ, ਬਾਬਾ ਗੁਰਪ੍ਰੀਤ ਸਿੰਘ, ਸ. ਅਵਤਾਰ ਸਿੰਘ ਰਿਆ, ਸ. ਰਘਬੀਰ ਸਿੰਘ ਸਹਾਰਨ ਮਾਜਰਾ, ਸ. ਹਰਪਾਲ ਸਿੰਘ ਜੱਲਾ, ਸ. ਗੁਰਪ੍ਰੀਤ ਸਿੰਘ ਗਰਚਾ, ਸ. ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਬੀਬੀ ਹਰਜਿੰਦਰ ਕੌਰ, ਸ. ਗੁਰਬਖ਼ਸ਼ ਸਿੰਘ ਖਾਲਸਾ, ਸ. ਕੁਲਵੀਰ ਸਿੰਘ ਬੜਾ ਪਿੰਡ, ਬੀਬੀ ਦਵਿੰਦਰ ਕੌਰ ਕਾਲੜਾ, ਬੀਬੀ ਗੁਰਮੀਤ ਕੌਰ ਭਟਨੂਰਾ, ਬੀਬੀ ਗੁਰਪ੍ਰੀਤ ਕੌਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਂਈਪੂਈਂ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਅਮਰੀਕ ਸਿੰਘ ਵਿਛੋਆ, ਬੀਬੀ ਸਵਰਨ ਕੌਰ ਤੇੜਾ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਬੀਬੀ ਜੋਗਿੰਦਰ ਕੌਰ, ਬੀਬੀ ਜਸਬੀਰ ਕੌਰ ਜੱਫਰਵਾਲ, ਸ. ਰਵਿੰਦਰ ਸਿੰਘ ਚੱਕ, ਸ. ਤਾਰਾ ਸਿੰਘ ਤਲਵੰਡੀ, ਸ. ਸੁਰਿੰਦਰ ਸਿੰਘ ਠੇਕੇਦਾਰ, ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ, ਸ. ਸੁਖਮੀਤ ਸਿੰਘ ਕਾਦੀਆਂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕਾਂ ਨੂੰ ਨਹਿਰ ਵਿੱਚ ਕੂੜਾ ਨਾ ਸੁੱਟਣ ਦੀ ਕੀਤੀ ਅਪੀਲ



ਪਟਿਆਲਾ, 28 ਮਾਰਚ ( ) ਭਾਖੜਾ ਨਹਿਰ (ਨਾਭਾ ਰੋਡ) ਦੇ ਉੱਪਰ ਪਲਾਸਟਿਕ ਦੇ ਕਚਰੇ ਨੂੰ ਸਮਾਪਤ ਕਰਨ ਦੇ ਲਈ ਸੇਵਿਅਰ ਕਲੱਬ (ਰਜਿ) ਨੇਪਹਿਲ ਕਦਮੀ ਕਰਦੇ ਹੋਏ ਤਿੰਨ ਘੰਟੇ ਦੇ ਲਈ ਵਿਸ਼ੇਸ ਸਫਾਈ ਅਭਿਆਨ ਚਲਾਇਆ। ਇਸ ਸਫਾਈ ਅਭਿਆਨ ਦੇ ਨਾਲ ਜਲ ਸਰੋਤ ਵਿਭਾਗ ਨੇ ਵੀ ਸਾਥ ਦਿੱਤਾ ਹੈ। ਇਸ ਮੌਕੇ ਤੇ ਕਲੱਬ ਦੇ ਸਮੂਹ ਮੈਬਰਾਂ ਨੇ ਸਫਾਈ ਦੇ ਨਾਲ ਨਹਿਰ ਤੇ ਆ ਰਹੇ ਵਿਅਕਤੀਆਂ ਨੂੰ ਪਾਣੀ ਵਿੱਚ ਅਤੇ ਆਲੇ ਦੁਆਲੇ ਪਲਾਸਟਿਕ ਦੇ ਲਿਫਾਫੇ ਨਾ ਗਿਰਾਉਣ ਲਈ ਬੇਨਤੀ ਵੀ ਕੀਤੀ। ਲੋਕਾਂ ਦੇ ਵੱਲੋਂ ਕਲੱਬ ਦੀ ਪ੍ਰਤਿ ਬੇਨਤੀ ਨੂੰ ਸਵੀਕਾਰ ਕੀਤਾ ਗਿਆ। ਪ੍ਰੈਸ ਨੂੰ ਜਾਣਕਾਰੀ ਦੌਰਾਨ ਕਲੱਬ ਵੱਲੋਂ ਪਵਨ ਗਰਗ ਅਤੇ ਚਮਨ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਉਹਨਾਂ ਦੀ ਟੀਮ ਵੱਲੋਂ ਨਹਿਰ ਤੇ ਵਿਸੇ.ਸ ਸਾਈਨ ਬੋਰਡ ਅਤੇ ਡਸਟਬਿਨ ਲਗਾਉਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ ਇਸ ਕੰਮ ਦੇ ਲਈ ਪ੍ਰਸ਼ਾਸ਼ਨ ਦਾ ਸਹਿਯੋਗ ਲੈਣ ਖਾਂਤਰ ਮੰਗ ਪੱਤਰ ਦੇਣ ਦੀ ਯੋਜਨਾ ਉਲੀਕੀ ਗਈ ਹੈ। ਉਹਨਾਂ ਦੱਸਿਆ ਕਿ ਸਫਾਈ ਅਭਿਆਨ ਵਿੱਚ ਰਾਜ ਸਿੰਘ ਅਤੇ ਪਰਮਵੀਰ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਇੱਥੇ ਜ਼ਿਕਰਯੋਗ ਹੈ ਕਿ ਹਫਤਾਵਰੀ ਸਫਾਈ ਅਭਿਆਨ ਦੇ ਨਾਲ ਸੇਵਿਅਰ ਕਲੱਬ(ਰਜਿ) ਦੇ ਮੈਂਬਰ ਲੋਕਾਂ ਨੂੰ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਅਤੇ ਵਾਤਾਵਰਨ ਸਵੱਛ ਬਣਾਉਣ ਦਾ ਸੰਦੇਸ਼ ਦੇ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚੰਗੇ ਨੰਬਰ ਲੈ ਕੇ ਪਾਸ ਹੋਣ ਵਾਲੇ ਬੱਚਿਆਂ ਦਾ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਰਕਾਰੀ ਮਿਡਲ ਸਕੂਲ ਮਨਵਾਲਾ ਵਿਖੇ ਪੰਜਾਬ ਸਰਕਾਰ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਮੁਹਾਲੀ ਦੀਆਂ ਹਦਾਇਤਾਂ ਅਨੁਸਾਰ ਮੈਗਾ ਪੀਟੀਐਮ ਦਾ ਅਯੋਜਨ ਕੀਤਾ ਗਿਆ। ਜਿਸ ਵਿੱਚ ਐਸਸੀਐਮ ਕਮੇਟੀ ਦੇ ਮੈਂਬਰ, ਵਿਦਿਆਰਥੀਆਂ ਦੇ ਮਾਪੇ ਅਤੇ ਪੰਚਾਇਤ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਸਕੂਲ ਇੰਚਾਰਜ ਪਰਮਵੀਰ ਸ਼ਰਮਾ ਅਤੇ ਬਾਕੀ ਸਮੂਹ ਸਕੂਲ ਸਟਾਫ ਮੈਂਬਰਾਂ ਨੇ ਚੰਗੇ ਨੰਬਰ ਲੈ ਕੇ ਪਾਸ ਹੋਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਵਸੀਮ ਅਕਰਮ, ਜਸਪ੍ਰੀਤ ਕੌਰ, ਮੀਨਾਕਸ਼ੀ ਰਾਣੀ, ਮਨਜੀਤ ਕੌਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਰ੍ਹੇਗੰਢ ਮੁਬਾਰਕ



ਵਿਆਹ ਦੀ ਵਰ੍ਹੇਗੰਢ। ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਪਰਮਜੀਤ ਕੌਰ ਰੰਧਾਵਾ ਨੇ ਆਪਣੇ ਵਿਆਹ ਦੀ 25 ਵੀ ਵਰ੍ਹੇਗੰਢ ਮਨਾਈ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮੁੱਖ ਮੰਤਰੀ ਸਹਾਇਤਾ ਕੇਂਦਰ ਤੇ ਕ੍ਰਾਂਤੀ ਚੌਕ ਨੇੜੇ ਬਣੇ ਆਮ ਆਦਮੀ ਕਲੀਨਿਕ ਦਾ ਹੋਇਆ ਉਦਘਾਟਨ

# ਸਿਹਤ ਖੇਤਰ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕ੍ਰਾਂਤੀਕਾਰੀ ਕਦਮ ਉਠਾਏ: ਰਾਜਵੰਤ ਸਿੰਘ ਘੁੱਲੀ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਤੇ ਕ੍ਰਾਂਤੀ ਚੌਕ ਨੇੜੇ ਵਾਰਡ ਨੰਬਰ 5 ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਰਚੁਅਲ ਤਰੀਕੇ ਨਾਲ ਕਰਕੇ ਧੂਰੀ ਵਾਸੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿਹਤ ਖੇਤਰ ਵਿੱਚ ਲਗਾਤਾਰ ਕ੍ਰਾਂਤੀਕਾਰੀ ਕਦਮ ਚੁੱਕ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਆਪਣੇ ਨੇੜੇ ਹੀ ਮੁਫ਼ਤ ਇਲਾਜ ਅਤੇ ਜ਼ਰੂਰੀ ਟੈਸਟ ਦੀ ਸਹੂਲਤ ਪ੍ਰਾਪਤ ਹੋ ਰਹੀ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਕਲੀਨਿਕ ਆਮ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ, ਇਨ੍ਹਾਂ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਦਵਾਈਆਂ, ਮੁਫ਼ਤ ਟੈਸਟ ਅਤੇ ਬਿਹਤਰ ਡਾਕਟਰੀ ਸਲਾਹ ਮਿਲ ਰਹੀ ਹੈ। ਸਰਕਾਰ ਦਾ ਟੀਚਾ ਹਰ ਪਿੰਡ ਅਤੇ ਮੁਹੱਲੇ ਤੱਕ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਹੁਣ ਤੱਕ ਕਰੋੜਾਂ ਲੋਕ ਇਨ੍ਹਾਂ ਕਲੀਨਿਕਾਂ ਤੋਂ ਆਪਣਾ ਇਲਾਜ ਕਰਵਾ ਕੇ ਲਾਭ ਉਠਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਹ ਸਿਹਤ ਮਾਡਲ ਹੁਣ ਪੂਰੇ ਦੇਸ਼ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਗ.ਰੀਬ ਲੋਕਾਂ ਨੂੰ ਮਾਮੂਲੀ ਇਲਾਜ ਲਈ ਵੀ ਵੱਡੇ ਹਸਪਤਾਲਾਂ ਦੇ ਚੱਕਰ ਕੱਟਣੇ ਪੈਂਦੇ ਸਨ, ਪਰ ਹੁਣ ਇਹ ਕਲੀਨਿਕ ਉਨ੍ਹਾਂ ਦੇ ਘਰਾਂ ਦੇ ਬਿਲਕੁਲ ਨੇੜੇ ਖੁੱਲ੍ਹ ਚੁੱਕੇ ਹਨ। ਇਸ ਮੌਕੇ ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ , ਡਾਇਰੈਕਟਰ ਸਮਾਲ ਇੰਡਸਟਰੀਜ਼ ਪੰਜਾਬ ਅਨਿਲ ਮਿੱਤਲ, ਜਸਪਾਲ ਸਿੰਘ ਭੁੱਲਰ, ਐੱਮ.ਸੀ. ਭੁਪਿੰਦਰ ਸਿੰਘ, ਅਸ਼ਵਨੀ ਧੀਰ, ਵਾਈਸ ਕੋਆਰਡੀਨੇਟਰ ਹਰਪ੍ਰੀਤ ਗਿੱਲ, ਪੁਸ਼ਿਪੰਦਰ ਸ਼ਰਮਾ, ਵੀਰਭਾਨ, ਸੁਖਪਾਲ ਸਿੰਘ ਪਾਲਾ, ਹਰਭਗਵਾਨ ਸਿੰਘ ਸਰਪੰਚ, ਐਡਵੋਕੇਟ ਹੈਪੀ ਗਰਗ, ਅਮਰਜੀਤ ਕੌਰ, ਐਸ.ਐਮ.ਓ. ਡਾ. ਸੰਜੀਵ ਅਰੋੜਾ, ਡਾ. ਸ਼ਾਮੀਂ, ਡਾ. ਰਿਮਸ਼ਾ, ਅਮਨਦੀਪ ਕੌਰ, ਨਿਤੀਸ਼ ਕੁਮਾਰ, ਨੀਰਜ ਕੁਮਾਰ, ਜਸਪ੍ਰੀਤ ਸਿੰਘ, ਵਿਕਾਸ ਕੁਮਾਰ ਸਮੇਤ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਦੇ ਮੈਂਬਰ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### 2027 ਵਿੱਚ ਭਾਜਪਾ ਦੀ ਸਰਕਾਰ ਬਣਾਉਣ 'ਚ

# ਨੌਜਵਾਨ ਅਹਿਮ ਭੂਮਿਕਾ ਨਿਭਾਉਣਗੇ : ਪ੍ਰੋ ਓਂਕਾਰ ਸਿੰਘ ਸਿੱਧੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੋਗਾ ਰੈਲੀ ਤੋਂ ਬਾਅਦ ਭਾਰਤੀ ਜਨਤਾ ਪਾਰਟੀ ਦੀ ਵੱਧ ਰਹੀ ਲੋਕਪ੍ਰੀਅਤਾ ਨੂੰ ਦੇਖਦਿਆਂ ਹੋਇਆਂ ਪੰਜਾਬ ਦੇ ਨੌਜਵਾਨ ਵੱਖ ਵੱਖ ਪਾਰਟੀਆਂ ਛੱਡ ਕੇ ਭਾਰਤੀ ਜਨਤਾ ਪਾਰਟੀ ਨਾਲ ਜੁੜ ਰਹੇ ਹਨ। ਇਸੇ ਹੀ ਤਹਿਤ ਧੂਰੀ ਹਲਕੇ ਵਿੱਚ ਭਾਜਪਾ ਪਰਿਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਬੀਤੇ ਦਿਨ ਸ. ਹਰਪ੍ਰੀਤ ਸਿੰਘ ਹੈਪੀ, ਪਿੰਡ ਈਸਾਪੁਰ ਲੰਡਾ ਆਪਣੇ ਸਾਥੀਆਂ ਸਮੇਤ ਭਾਜਪਾ ਦੇ ਸੀਨੀਅਰ ਆਗੂ , ਉੱਘੇ ਸਮਾਜ ਸੇਵੀ ਪ੍ਰੋ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਾਮਿਲ ਹੋਏ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਹਮੇਸ਼ਾ ਆਮ ਆਦਮੀ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਦੀ ਹੈ। ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕਮੀ ਨਾਲ ਨਾ ਸਿਰਫ ਆਮ ਜਨਤਾ ਨੂੰ ਰਾਹਤ ਮਿਲੇਗੀ ਸਗੋਂ ਟਰਾਂਸਪੋਰਟ ਖਰਚੇ ਘਟਣ ਨਾਲ ਮਹਿੰਗਾਈ ਨੂੰ ਵੀ ਕਾਬੂ ਕਰਨ ਵਿੱਚ ਮਦਦ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਵਪਾਰੀਆਂ ਨਾਲ ਕੀਤੀਆਂ ਨੁੱਕੜ ਮੀਟਿੰਗਾਂ ਨੇ ਵਪਾਰੀਆਂ ਦੇ ਸਥਾਨਕ ਮਸਲੇ ਤੁਰੰਤ ਹੱਲ ਕੀਤੇ: ਚੇਅਰਮੈਨ ਪੁਸ਼ਿਪੰਦਰ ਸ਼ਰਮਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਨੁਸਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਪੰਜਾਬ ਟਰੇਡ ਕਮਿਸ਼ਨ ਵੱਲੋਂ ਸਥਾਨਕ ਪੱਧਰ 'ਤੇ ਮੀਟਿੰਗਾਂ ਦੀ ਲੜੀ ਜਾਰੀ ਹੈ। ਇਸੇ ਤਹਿਤ ਅੱਜ ਨਵੀਂ ਅਨਾਜ ਮੰਡੀ ਧੂਰੀ ਵਿਖੇ ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਦੀ ਅਗਵਾਈ ਹੇਠ ਵਪਾਰੀਆਂ ਨਾਲ ਨੁੱਕੜ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਪੁਸ਼ਿਪੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਉਦੇਸ਼ ਨਾਲ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਵਪਾਰੀਆਂ ਨੂੰ ਦਰਪੇਸ਼ ਸਥਾਨਕ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ ਨਾਲ ਬਹੁਤੇ ਮਸਲੇ ਤੁਰੰਤ ਹੀ ਨਿਪਟਾਏ ਗਏ, ਜਿਸ ਨਾਲ ਵਪਾਰੀਆਂ ਨੂੰ ਵੱਡੀ ਰਾਹਤ ਮਿਲੀ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੀਆਂ ਨੁੱਕੜ ਮੀਟਿੰਗਾਂ ਰਾਹੀਂ ਵਪਾਰੀਆਂ ਨਾਲ ਸਿੱਧਾ ਸੰਪਰਕ ਬਣਾਇਆ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀਆਂ ਅਸਲ ਸਮੱਸਿਆਵਾਂ ਦੀ ਪਛਾਣ ਕਰਕੇ ਜਲਦ ਹੱਲ ਸੰਭਵ ਬਣਦਾ ਹੈ। ਇਸ ਮੌਕੇ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜਤਿੰਦਰ ਸਿੰਘ ਸੋਨੀ ਮੰਡੇਰ, ਮੈਂਬਰ ਬਸੰਤ ਲਾਲ ਕਾਂਝਲਾ, ਜਸਵੀਰ ਸਿੰਘ, ਦੀਪਕ ਵਰਮਾ, ਕੁਲਦੀਪ ਸਿੰਘ ਬੁੱਟਰ , ਬਿਲਾਲ ਖਾਨ, ਅਮਨ ਖਾਨ ਸਮੇਤ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



# ਸਰਨਾ ਨੇ 'ਧਰਮ ਦਾ ਸਿਆਸੀਕਰਨ' ਕਰਨ ਤੇ ਚੇਤਵਾਨੀ ਦਿੰਦਿਆਂ ਬੇਅਦਬੀ ਬਾਰੇ ਪ੍ਰਸਤਾਵਿਤ ਨਵੇਂ ਕਾਨੂੰਨ ਦਾ ਕੀਤਾ ਵਿਰੋਧ



ਨਵੀਂ ਦਿੱਲੀ, 28 ਮਾਰਚ (ਮਨਪ੍ਰੀਤ ਸਿੰਘ ਖਾਲਸਾ)– ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਬੇਅਦਬੀ ਦੀਆਂ ਘਟਨਾਵਾਂ 'ਤੇ ਕਿਸੇ ਵੀ ਨਵੇਂ ਕਾਨੂੰਨ ਦਾ ਸਖ਼ਤ ਵਿਰੋਧ ਕੀਤਾ ਹੈ, ਚੇਤਾਵਨੀ ਦਿੱਤੀ ਹੈ ਕਿ ਜੇਕਰ ਇਹ ਧਾਰਮਿਕ ਮਾਰਗਦਰਸ਼ਨ ਹੇਠ ਨਹੀਂ ਕੀਤਾ ਗਿਆ ਤਾਂ ਅਜਿਹੇ ਕਦਮ ਇੱਕ ਧਰਮ ਦੇ ਮਸਲਿਆਂ ਨੂੰ ਮਹਿਜ਼ ਸਿਆਸੀ ਮੁੱਦੇ ਵਜੋਂ ਬਦਲ ਦੇਣਗੇ । ਸਰਨਾ ਨੇ ਤਿੱਖੇ ਸ਼ਬਦਾਂ ਵਿੱਚ ਬਿਆਨ ਦਿੰਦੇ ਹੋਏ ਕਿਹਾ ਕਿ ਸਖ਼ਤ ਕਾਨੂੰਨਾਂ ਲਈ ਨਵੇਂ ਸਿਰਿਓਂ ਜ਼ੋਰ ਦੇਣਾ ਕੋਈ ਸਾਰਥਕ ਹੱਲ ਪੇਸ਼ ਕਰਨ ਦੀ ਬਜਾਏ ਇਰਾਦੇ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। "ਮਸਲਾ ਕਾਨੂੰਨ ਦੀ ਅਣਹੋਂਦ ਦਾ ਨਹੀਂ ਹੈ, ਸਗੋਂ ਨੈਤਿਕ ਸਪੱਸ਼ਟਤਾ ਅਤੇ ਜਵਾਬਦੇਹੀ ਦੀ ਅਣਹੋਂਦ ਦਾ ਹੈ," ਉਨ੍ਹਾਂ ਕਿਹਾ, ਇਸ ਮਾਮਲੇ 'ਤੇ ਕਾਨੂੰਨ ਬਣਾਉਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਸਿੱਖ ਭਾਵਨਾਵਾਂ ਪ੍ਰਤੀ ਸੱਚੀ ਚਿੰਤਾ ਦੀ ਬਜਾਏ ਰਾਜਨੀਤਿਕ ਚਾਲਾਂ ਦਾ ਇੱਕ ਨਮੂਨਾ ਦਰਸਾਉਂਦੀਆਂ ਹਨ। ਸਰਨਾ ਨੇ ਹੋਰ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਨਾਲ ਜੁੜੇ ਤੱਤ ਪੰਜਾਬ ਵਿੱਚ ਪਿਛਲੀਆਂ ਬੇਅਦਬੀ ਦੀਆਂ ਘਟਨਾਵਾਂ ਵਿੱਚ ਸ਼ਾਮਲ ਸਨ। ਉਨ੍ਹਾਂ ਦੇ ਅਨੁਸਾਰ, ਇਨ੍ਹਾਂ ਘਟਨਾਵਾਂ ਨੇ ਇੱਕ ਅਜਿਹਾ ਮਾਹੌਲ ਪੈਦਾ ਕੀਤਾ ਜਿਸਨੇ ਅੰਤ ਵਿੱਚ ਅਰਵਿੰਦ ਕੇਜਰੀਵਾਲ ਦੀ ਪਾਰਟੀ ਨੂੰ ਸੂਬੇ ਵਿੱਚ ਸੱਤਾ ਵਿੱਚ ਆਉਣ ਵਿੱਚ ਲਾਭ ਪਹੁੰਚਾਇਆ। ਉਨ੍ਹਾਂ ਦਾਅਵਾ ਕੀਤਾ ਕਿ ਇਹ ਤੇਜ਼ੀ ਨਾਲ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਇਹ ਦਰਦਨਾਕ ਘਟਨਾਵਾਂ ਇਕੱਲੀਆਂ ਕਾਰਵਾਈਆਂ ਨਹੀਂ ਸਨ, ਸਗੋਂ ਰਾਜਨੀਤਿਕ ਨਤੀਜਿਆਂ ਨੂੰ ਆਕਾਰ ਦੇਣ ਲਈ ਇੱਕ ਵੱਡੇ ਮਨਸੂਬੇ ਦਾ ਹਿੱਸਾ ਸਨ । ਸਰਨਾ ਨੇ ਦੱਸਿਆ ਕਿ 2015 ਦੇ ਬੇਅਦਬੀ ਮਾਮਲਿਆਂ ਵਿੱਚ 'ਆਪ' ਸਰਕਾਰ ਵੱਲੋਂ ਕਿਸੇ ਵੀ ਮੁੱਖ ਦੋਸ਼ੀ 'ਤੇ ਫੈਸਲਾਕੁੰਨ ਮੁਕੱਦਮਾ ਨਹੀਂ ਚਲਾਇਆ ਗਿਆ ਹੈ। ਸਰਨਾ ਨੇ ਪੁੱਛਿਆ ਅਰਵਿੰਦ ਕੇਜਰੀਵਾਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿਰਸਾ ਸਾਧ, ਰਾਮ ਰਹੀਮ ਵਿਰੁੱਧ ਠੋਸ ਮੁਕੱਦਮਾ ਚਲਾਉਣ ਦਾ ਹੁਕਮ ਦੇਣ ਤੋਂ ਕਿਸ ਨੇ ਰੋਕਿਆ. ? ਸਪੱਸ਼ਟ ਹੈ ਕਿ ਕੇਜਰੀਵਾਲ ਅਤੇ ਉਸ ਦੋਸ਼ੀ ਨੇ ਇੱਕ ਰਾਜਨੀਤਿਕ ਸੌਦਾ ਕੀਤਾ ਸੀ। ਪ੍ਰਸਤਾਵਿਤ ਬੇਅਦਬੀ ਵਿਰੋਧੀ ਕਾਨੂੰਨ ਦਾ ਹਵਾਲਾ ਦਿੰਦੇ ਹੋਏ, ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਸਿੱਖ ਧਾਰਮਿਕ ਸਿਧਾਂਤ, ਗੁਰਬਾਣੀ, ਜਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਕੋਈ ਵੀ ਕਾਨੂੰਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਹਿਮਤੀ ਤੋਂ ਬਿਨਾਂ ਨਹੀਂ ਬਣਾਇਆ ਜਾਣਾ ਚਾਹੀਦਾ, ਜਿਸਨੂੰ ਉਨ੍ਹਾਂ ਨੇ ਸਿੱਖ ਧਾਰਮਿਕ ਮਾਮਲਿਆਂ ਦਾ ਜਾਇਜ਼ ਰਖਵਾਲਾ ਦੱਸਿਆ। "ਕਿਸੇ ਵੀ ਸਰਕਾਰ ਨੂੰ, ਭਾਵੇਂ ਉਸਦਾ ਆਦੇਸ਼ ਕੁਝ ਵੀ ਹੋਵੇ, ਸਿੱਖ ਧਰਮ ਦੇ ਅਧਿਆਤਮਿਕ ਮੂਲ ਨੂੰ ਪਰਿਭਾਸ਼ਿਤ ਕਰਨ ਵਾਲੇ ਮਾਮਲਿਆਂ 'ਤੇ ਇਕਪਾਸੜ ਕਾਨੂੰਨ ਬਣਾਉਣ ਦਾ ਅਧਿਕਾਰ ਨਹੀਂ ਹੈ," ਸਰਨਾ ਨੇ ਜ਼ੋਰ ਦੇ ਕੇ ਕਿਹਾ। ਉਨ੍ਹਾਂ ਕਿਹਾ ਕਿ ਅਜਿਹਾ ਕੋਈ ਵੀ ਉਪਾਅ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਗਰਾਨੀ ਹੇਠ ਵੀ ਕੀਤਾ ਜਾਣਾ ਚਾਹੀਦਾ ਹੈ। ਸਰਨਾ ਨੇ ਇਸ ਮੁੱਦੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਪ੍ਰਮੁੱਖ ਸਿੱਖ ਵਿਦਵਾਨਾਂ, ਕਾਨੂੰਨੀ ਸ਼ਖ਼ਸੀਅਤਾਂ ਅਤੇ ਸੇਵਾਮੁਕਤ ਜੱਜਾਂ ਦੀ ਇੱਕ ਕਮੇਟੀ ਦੇ ਗਠਨ ਦਾ ਵੀ ਪ੍ਰਸਤਾਵ ਰੱਖਿਆ। ਉਨ੍ਹਾਂ ਕਿਹਾ ਕਿ ਅਜਿਹੀ ਸੰਸਥਾ ਨੂੰ ਅਕਾਲ ਤਖ਼ਤ ਦੇ ਜਥੇਦਾਰ ਦੀ ਸਿੱਧੀ ਨਿਗਰਾਨੀ ਹੇਠ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮਾਮਲੇ ਦੇ ਕਿਸੇ ਵੀ ਪਹਿਲੂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਕੋਈ ਵੀ ਕਾਰਵਾਈ ਕਾਨੂੰਨੀ ਸਖ਼ਤੀ ਅਤੇ ਸਿੱਖ ਮਰਿਆਦਾ ਦੋਵਾਂ 'ਤੇ ਅਧਾਰਤ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰੂਰ ਪੁਲਿਸ ਵੱਲੋਂ ਡਰੱਗ ਦੇ 12 ਕੇਸ ਦਰਜ; 18 ਮੁਲਜ਼ਮ ਕਾਬੂ; 65 ਗ੍ਰਾਮ ਹੈਰੋਇਨ ਅਤੇ 71 ਨਸ਼ੀਲੀਆਂ ਗੋਲੀਆਂ ਬ੍ਰਾਮਦ

## 145 .500 ਲੀਟਰ ਸ਼ਰਾਬ ਠੇਕਾ ਦੇਸੀ, 41 ਲੀਟਰ ਸ਼ਰਾਬ ਨਜਾਇਜ਼, 112 .500 ਲੀਟਰ ਸ਼ਰਾਬ ਅੰਗਰੇਜ਼ੀ ਅਤੇ 380 ਲੀਟਰ ਲਾਹਣ ਬ੍ਰਾਮਦ



**ਸੰਗਰੂਰ (ਰਣਜੀਤ ਸਿੰਘ ਪੇਧਨੀ)**-ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਮਿਤੀ 21.03.2026 ਤੋਂ 27.03.2026 ਤਕ ਡਰੱਗ ਦੇ 12 ਕੇਸ ਦਰਜ ਕਰ ਕੇ 18 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 65 ਗ੍ਰਾਮ ਹੈਰੋਇਨ ਅਤੇ 71 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਪ੍ਰੈਸ ਨਾਲ ਇਹ ਜਾਣਕਾਰੀ ਸਾਂਝੀ ਕਰਦਿਆਂ ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਨੇ ਦੱਸਿਆ ਕਿ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 15 ਕੇਸ ਦਰਜ ਕਰ ਕੇ 16 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 145.500 ਲੀਟਰ ਸ਼ਰਾਬ ਠੇਕਾ ਦੇਸੀ, 41 ਲੀਟਰ ਸ਼ਰਾਬ ਨਜਾਇਜ਼, 112.500 ਲੀਟਰ ਸ਼ਰਾਬ ਅੰਗਰੇਜ਼ੀ ਅਤੇ 380 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਜੂਆ ਐਕਟ ਤਹਿਤ 02 ਕੇਸ ਦਰਜ ਕਰ ਕੇ 05 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 47,410/- ਰੁਪਏ ਬ੍ਰਾਮਦ ਕਰਾਏ ਗਏ। ਇਸ ਅਰਸੇ ਦੌਰਾਨ 01 ਪੀ.ਓ. (ਭਗੌੜੇ) ਨੂੰ ਗ੍ਰਿਫਤਾਰ ਕੀਤਾ ਗਿਆ। ਥਾਣਾ ਦਿੜ੍ਹਬਾ ਵੱਲੋਂ 01 ਨਸ਼ਾ ਤਸਕਰ ਦੀ 11,85,000/- ਰੁਪਏ ਦੇ ਮੁੱਲ ਦੀ ਪ੍ਰਾਪਰਟੀ ਫਰੀਜ਼ ਕਰਵਾਈ ਗਈ। ਥਾਣਾ ਲਹਿਰਾ ਦੇ ਏਰੀਏ ਵਿੱਚ ਲੁੱਟਾਂ-ਖੋਹਾਂ/ਚੋਰੀਆਂ ਕਰਨ ਵਾਲੇ 03 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਕੇ ਉਹਨਾਂ ਪਾਸੋਂ 01 ਮੋਟਰਸਾਈਕਲ ਅਤੇ 01 ਮੋਟਰ ਸਟਾਟਰ ਬ੍ਰਾਮਦ ਕਰਵਾਇਆ ਗਿਆ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਿਟਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 31 ਪਿੰਡਾਂ/ਸਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਡੀਅਨ ਐਕਸ ਸਰਵਿਸ ਲੀਗ ਦੀ ਹੋਈ ਹੰਗਾਮੀ ਮੀਟਿੰਗ



ਫ਼ਿਰੋਜ਼ਪੁਰ, 28 ਮਾਰਚ (ਮਨੋਹਰ ਲਾਲ) :– ਇੰਡੀਅਨ ਐਕਸ ਸਰਵਿਸ ਲੀਗ ਦੀ ਮੀਟਿੰਗ ਅੱਜ ਸੂਬੇਦਾਰ ਮੇਜਰ ਰਸ਼ਪਾਲ ਸਿੰਘ ਦੇ ਮਿੰਨੀ ਰੈਸਟੋਰੈਂਟ ਵਿਚ ਕੈਪਟਨ ਜਾਗੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਫ਼ਿਰੋਜ਼ਪੁਰ ਦੇ ਪ੍ਰਤਾਪ ਨਗਰ ਫਰੀਦਕੋਟ ਰੋਡ ਤੇ ਹੋਈ ਮੀਟਿੰਗ ਵਿਚ ਡਾਕਟਰ ਅਨਿਲ ਬਾਗੀ ਹੌਸਪੀਟਲ ਤੋਂ ਡਾਕਟਰ ਵਿਸ਼ਾਲ ਮੋਂਗਾ ਅਤੇ ਡਾਕਟਰ ਮਹਿਕ ਆਏ, ਜਿਨ੍ਹਾਂ ਨੇ ਆਪਣੇ ਤਜਰਬੇ ਸਾਂਝੇ ਕਰਦੇ ਹੋਏ ਆਪਣੇ ਵਿਚਾਰ ਰੱਖੇ। ਇਸ ਮੌਕੇ ਸਾਬਕਾ ਸੈਨਿਕਾਂ ਨੇ ਵੀ ਆਪਣੇ ਆਪਣੇ ਪੁਆਇੰਟ ਸਾਂਝੇ ਕੀਤੇ ਅਤੇ ਕੈਪਟਨ ਜਾਗੀਰ ਸਿੰਘ ਨੇ ਜੋ ਲੀਗ ਨੂੰ ਜਗਰਾਵਾਂ ਲੀਗ ਤੋਂ ਫੰਡ ਦਿੱਤਾ ਗਿਆ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਸਿੱਧਾ ਅਕਾਊਂਟ ਵਿਚ ਜਮਾ ਕਰਵਾ ਦਿੱਤਾ ਇਸ ਬਾਰੇ ਜਾਣਕਾਰੀ ਦਿੱਤੀ ਔਰ ਨਵੀਂ ਮੈਂਬਰਸ਼ਿਪ ਲੈਣ ਬਾਰੇ ਦੱਸਿਆ ਅਤੇ ਲਾਸ ਵਿਚ ਮੀਟਿੰਗ ਵਿਚ ਲੈਣ ਵਾਲੇ ਸਾਰੇ ਸਾਬਕਾ ਸੈਨਿਕਾਂ ਦਾ ਧੰਨਵਾਦ ਕੀਤਾ ਤੇ ਹਿਸਾ ਲੈਣ ਵਾਲੇ ਕੈਪਟਨ ਬਗੀਚਾ ਸਿੰਘ, ਕੈਪਟਨ ਬਲਬੀਰ ਸਿੰਘ, ਸੂਬੇਦਾਰ ਜਾਗੀਰ ਸਿੰਘ, ਸੂਬੇਦਾਰ ਬਖਸ਼ਿਸ਼ ਸਿੰਘ, ਸੂਬੇਦਾਰ ਮਲਕੀਤ ਸਿੰਘ, ਸੂਬੇਦਾਰ ਮੇਜਰ ਰਸ਼ਪਾਲ ਸਿੰਘ, ਨਾਇਬ ਸੂਬੇਦਾਰ ਲਸ਼ਮਣ ਸਿੰਘ, ਨਾਇਬ ਸੂਬੇਦਾਰ ਲਖਵੀਰ ਸਿੰਘ, ਨਾਇਬ ਸੂਬੇਦਾਰ ਬਲਵਿੰਦਰ ਸਿੰਘ, ਹਵਾਲਦਾਰ ਰਾਜਵੀਰ ਸਿੰਘ, ਹਵਾਲਦਾਰ ਸੁਖਦੇਵ ਸਿੰਘ, ਹਵਾਲਦਾਰ ਪ੍ਰੀਤ ਚੰਦ, ਹਵਾਲਦਾਰ ਪਵਨ ਕੁਮਾਰ, ਨਾਇਕ ਕੁਲਵੰਤ ਸਿੰਘ, ਨਾਇਕ ਗੁਰਚਰਨ ਸਿੰਘ ਨੇ ਹਿਸਾ ਲਿਆ ਤੇ ਜੋ ਮੈਂਬਰਸ਼ਿਪ ਕਾਰਡ ਇਸ਼ੂ ਕੀਤੇ ਤੇ ਸਾਰੇ ਸਾਬਕਾ ਸੈਨਿਕਾਂ ਦਾ ਧੰਨਵਾਦ ਕੀਤਾ ਤੇ ਹਵਾਲਦਾਰ ਰਤਨ ਸਿੰਘ ਜਨਰਲ ਸੈਕਟਰੀ ਨੇ ਵੀ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਗੌਰਮਿੰਟ ਪ੍ਰਾਇਮਰੀ ਸਰਕਾਰੀ ਸਕੂਲ ਲੜਕੀਆਂ ਚੁੰਗੀ ਖਾਨਾ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ

# ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ






**ਫ਼ਿਰੋਜ਼ਪੁਰ, 28 ਮਾਰਚ (ਮਨੋਹਰ ਲਾਲ) :–** ਗੌਰਮਿੰਟ ਪ੍ਰਾਇਮਰੀ ਸਰਕਾਰੀ ਸਕੂਲ ਲੜਕੀਆਂ ਚੁੰਗੀ ਖਾਨਾ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਤੇ ਮੁੱਖ ਮਹਿਮਾਨ ਡੀ.ਈ.ਓ ਮੈਡਮ ਸੁਨੀਤਾ ਰਾਣੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਤੇ ਛੋਟੀ–ਛੋਟੀ ਬੱਚੀਆਂ ਵੱਲੋਂ ਕਈ ਆਈਟਮਾਂ ਪੇਸ਼ ਕੀਤੀਆਂ ਜਿਵੇਂ ਕਿ ਨਸ਼ਿਆਂ ਖਿਲਾਫ, ਭਰੂਣ ਹੱਤਿਆ, ਬੱਚਿਆਂ ਨੂੰ ਕੁੱਖ ਵਿਚ ਨਾ ਮਾਰੋ ਆਦਿ ਧਾਰਮਿਕ ਆਈਟਮਾਂ ਵੀ ਪੇਸ਼ ਕੀਤੀਆਂ ਅਤੇ ਹੋਰ ਵੀ ਗੀਤ–ਸੰਗੀਤ ਪੇਸ਼ ਕੀਤੇ, ਜਿਨ੍ਹਾਂ ਨੂੰ ਸੁਣ ਕੇ ਬੱਚੀਆਂ ਅਤੇ ਬੱਚਿਆਂ ਦੇ ਮਾਪੇ ਸਕੂਲ ਟੀਚਰ ਅਤੇ ਹੋਰ ਪਤਵੰਤੇ ਤੋਂ ਇਲਾਵਾ ਰਿਟਾਇਰਡ ਟੀਚਰ ਐਸੋਸੀਏਸ਼ਨ ਦੇ ਅਹੁਦੇਦਾਰ, ਮੈਂਬਰ ਵਾਹ–ਵਾਹ ਕਰ ਉਠੇ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਬਲਜਿੰਦਰ ਕੌਰ ਦੀ ਸੁਚੱਜੀ ਅਗਵਾਈ ਹੇਠ ਇਹ ਪ੍ਰੋਗਰਾਮ ਬਹੁਤ ਹੀ ਵਧੀਆ ਢੰਗ ਨਾਲ ਚੱਲਿਆ। ਇਸ ਮੌਕੇ ਤੇ ਡੀ.ਈ.ਓ ਮੈਡਮ ਸੁਨੀਤਾ ਰਾਣੀ ਨੇ ਰਿਬਨ ਕੱਟ ਕੇ ਇਸ ਰੰਗਾ–ਰੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਸ੍ਰੀਤੀ ਜਸਵਿੰਦਰ ਕੌਰ, ਗੁਣਵੰਤ ਕੌਰ, ਗੁਰਬਚਨ ਸਿੰਘ, ਗੁਰਦੇਵ ਸਿੰਘ, ਗੁਰਪ੍ਰੀਤ ਸਿੰਘ ਹਾਜ਼ਰ ਸਨ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਜੀ.ਐਸ.ਟੀ.ਯੂ ਸੁਖਜਿੰਦਰ ਸਿੰਘ ਖਾਨਪੁਰੀਆ ਅਤੇ ਸਮੂਹ ਰਿਟਾਇਰਡ ਟੀਚਰ ਐਸੋਸੀਏਸ਼ਨ ਨਛੱਤਰ ਸਿੰਘ ਜ਼ਿਲ੍ਹਾ ਪ੍ਰਧਾਨ, ਰਾਜਪਾਲ ਸਿੰਘ ਬੈਂਸ ਸੀਨੀਅਰ ਵਾਈਸ ਪ੍ਰਧਾਨ, ਰਮੇਸ਼ ਗਰੋਵਰ, ਜਗਤਾਰ ਸਿੰਘ, ਜੈਦਕਾ, ਸ੍ਰੀਮਤੀ ਜੈਦਕਾ, ਜੱਗਾ ਸਿੰਘ ਅਤੇ ਯਸ਼ਪਾਲ ਤੋਂ ਇਲਾਵਾ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਸ੍ਰੀ ਪੀ.ਸੀ ਕੁਮਾਰ, ਉਮ ਪ੍ਰਕਾਸ਼ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਮੁੱਖ ਮਹਿਮਾਨ ਡੀ.ਈ.ਓ ਮੈਡਮ ਸੁਨੀਤਾ ਰਾਣੀ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਇਸ ਸਕੂਲ ਦਾ ਰਿਜਲਟ ਬਹੁਤ ਹੀ ਵਧੀਆ ਅਤੇ 100 ਫੀਸਦੀ ਆਉਂਦਾ ਹੈ, ਜਿਸ ਦਾ ਸਿਹਰਾ ਸੈਂਟਰ ਹੈਡ ਟੀਚਰ ਬਲਜਿੰਦਰ ਕੌਰ ਅਤੇ ਸਮੂਹ ਸਟਾਫ ਟੀਚਰ ਨੂੰ ਜਾਂਦਾ ਹੈ, ਜਿਨ੍ਹਾਂ ਦੀ ਮਿਹਨਤ ਸਦਕਾ ਇਹ ਸਕੂਲ ਹਮੇਸ਼ਾ ਬਹੁਤ ਹੀ ਵਧੀਆ ਨੰਬਰ ਲੈ ਕੇ ਬੱਚੀਆਂ ਪਾਸ ਹੁੰਦੀਆਂ ਹਨ। ਇਸ ਮੌਕੇ ਤੇ ਰਿਟਾਇਰਡ ਟੀਚਰ ਐਸੋਸੀਏਸ਼ਨ ਵੱਲੋਂ ਸਕੂਲ ਨੂੰ 5100 ਰੁਪਏ ਦੀ ਮਾਲੀ ਸਹਾਇਤਾ ਦਿੱਤੀ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਅਤੇ ਸਕੂਲ ਕੈਂਪਸ ਵਿਚ ਪੁੱਜੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਰਿਟਾਇਰਡ ਟੀਚਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਤੇ ਸਦਾਵਰਤ ਪੰਚਾਇਤੀ ਦੇ ਸ੍ਰੀ ਪੀ.ਸੀ ਕੁਮਾਰ ਨੇ ਜਿਹੜੀਆਂ ਬੱਚੀਆਂ ਨੂੰ ਸਕਿਟਾਂ ਅਤੇ ਹੋਰ ਗੀਤ ਸੰਗੀਤ ਵਿਚ ਹਿੱਸਾ ਲਿਆ, ਉਨ੍ਹਾਂ ਨੂੰ ਕਾਪੀਆਂ ਪੈਨਸਲਾਂ ਵੰਡੀਆਂ ਅਤੇ ਉਨ੍ਹਾਂ ਕਿਹਾ ਕਿ ਇਸ ਸਕੂਲ ਨੂੰ ਸਦਾਵਰਤ ਪੰਚਾਇਤੀ ਨੇ 1981 ਤੋਂ ਗੋਦ ਲਿਆ ਹੈ ਅਤੇ ਸਮੇਂ–ਸਮੇਂ ਤੇ ਅਸੀਂ ਇਸ ਸਕੂਲ ਵਿਚ ਬੱਚੀਆਂ ਨੂੰ ਲੋੜ ਅਨੁਸਾਰ ਕਿਤਾਬਾਂ, ਕਾਪੀਆਂ, ਪੈਨਸਲਾਂ ਅਤੇ ਹੋਰ ਲੋੜ ਅਨੁਸਾਰ ਸਮਾਨ ਦਿੱਤਾ ਜਾਂਦਾ ਹੈ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਬਲਜਿੰਦਰ ਕੌਰ ਨੇ ਸਮੂਹ ਆਏ ਹੋਏ ਬੱਚੀਆਂ, ਬੱਚਿਆਂ ਦੇ ਮਾਪੇ, ਪਤਵੰਤੇ ਅਤੇ ਰਿਟਾਇਰਡ ਟੀਚਰ ਐਸੋਸੀਏਸ਼ਨ ਅਤੇ ਖਾਸ ਤੌਰ ਤੇ ਮੁੱਖ ਮਹਿਮਾਨ ਡੀ.ਈ.ਓ ਮੈਡਮ ਸੁਨੀਤਾ ਰਾਣੀ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ, ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢਿਆ। ਇਸ ਮੌਕੇ ਤੇ ਚਾਹ–ਪਕੌੜੇ ਅਤੇ ਹੋਰ ਖਾਣ–ਪੀਣ ਦਾ ਪ੍ਰਬੰਧ ਬਹੁਤ ਹੀ ਵਧੀਆ ਕੀਤਾ ਹੋਇਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ 31 ਮਾਰਚ ਤੱਕ ਬਰੈਸਟ ਕੈਂਸਰ ਸਕ੍ਰੀਨਿੰਗ ਕੈਂਪ



ਤਲਵੰਡੀ ਸਾਬੋ, 28 ਮਾਰਚ (ਗੁਰਜੰਟ ਸਿੰਘ ਨਥੇਹਾ)– ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਦਿਸ਼ਾ–ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ 31 ਮਾਰਚ ਤੱਕ ਬਰੈਸਟ ਕੈਂਸਰ ਸਕ੍ਰੀਨਿੰਗ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਮੁੱਖ ਉਦੇਸ਼ ਔਰਤਾਂ ਵਿੱਚ ਛਾਤੀ ਦੇ ਕੈਂਸਰ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਸਮੇਂ ਸਿਰ ਜਾਂਚ ਯਕੀਨੀ ਬਣਾਉਣਾ ਹੈ। ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਔਰਤਾਂ ਵਿੱਚ ਛਾਤੀ ਦਾ ਕੈਂਸਰ ਇੱਕ ਗੰਭੀਰ ਪਰ ਰੋਕਿਆ ਜਾ ਸਕਣ ਵਾਲਾ ਰੋਗ ਹੈ, ਜਿਸਦੀ ਸ਼ੁਰੂਆਤੀ ਪੜਾਅ 'ਚ ਪਹਿਚਾਣ ਹੋਣ 'ਤੇ ਇਸਦਾ ਇਲਾਜ ਸੰਭਵ ਹੈ। ਉਨ੍ਹਾਂ ਕਿਹਾ ਕਿ 30 ਤੋਂ 45 ਸਾਲ ਦੀ ਉਮਰ ਵਾਲੀਆਂ ਮਹਿਲਾਵਾਂ ਨੂੰ ਖਾਸ ਤੌਰ 'ਤੇ ਇਸ ਸਕ੍ਰੀਨਿੰਗ ਕੈਂਪ ਦਾ ਲਾਭ ਲੈਣਾ ਚਾਹੀਦਾ ਹੈ। ਕੈਂਪ ਦੌਰਾਨ ਮਹਿਲਾਵਾਂ ਦੀ ਮੁਫ਼ਤ ਸਕ੍ਰੀਨਿੰਗ ਕੀਤੀ ਜਾਵੇਗੀ ਅਤੇ ਸੀ.ਐਚ.ਓ ਨੂੰ ਸਕ੍ਰੀਨਿੰਗ ਲਈ ਟ੍ਰੇਨਿੰਗ ਵੀ ਦਿੱਤੀ ਜਾਵੇਗੀ। ਸਕ੍ਰੀਨਿੰਗ ਲਈ ਆਏ ਮਰੀਜਾਂ ਨੂੰ ਜ਼ਰੂਰਤ ਅਨੁਸਾਰ ਉਨ੍ਹਾਂ ਨੂੰ ਅੱਗੇ ਦੇ ਇਲਾਜ ਲਈ ਸਲਾਹ ਅਤੇ ਮਾਰਗਦਰਸ਼ਨ ਦਿੱਤਾ ਜਾਵੇਗਾ। ਸਿਹਤ ਵਿਭਾਗ ਵੱਲੋਂ ਸਮੂਹ ਮਹਿਲਾਵਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਕੈਂਪ ਦਾ ਲਾਭ ਲੈਣ ਅਤੇ ਆਪਣੀ ਸਿਹਤ ਦੀ ਸੰਭਾਲ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਨੇ ਪੈਟਰੋਲ, ਡੀਜ਼ਲ ਤੇ ਐਕਸਾਈਜ਼ ਡਿਊਟੀ ਘਟਾ ਕੇ ਦੇਸ਼ ਦੇ ਲੋਕਾਂ ਦਾ ਦਿਲ ਜਿੱਤਿਆ: ਦਿਓਲ, ਨੀਲੂ ਮਿੱਤਲ, ਜੱਗਾ ਜਿੰਦਲ





**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਵਿੱਚ ਵਧ ਰਹੀ ਮਹਿੰਗਾਈ ਅਤੇ ਵਿਸ਼ਵ ਪੱਧਰ ਤੇ ਤੇਲ ਸਪਲਾਈ ਵਿੱਚ ਆ ਰਹੀਆਂ ਰੁਕਾਵਟਾਂ ਦੇ ਦਰਮਿਆਨ ਕੇਂਦਰ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ ਉੱਤੇ ਐਕਸਾਈਜ਼ ਡਿਊਟੀ ਵਿੱਚ ਕੀਤੀ ਗਈ ਵੱਡੀ ਕਟੌਤੀ ਨੂੰ ਲੋਕਾਂ ਲਈ ਵੱਡੀ ਰਾਹਤ ਵਜੋਂ ਦੇਖਿਆ ਜਾ ਰਿਹਾ ਹੈ। ਸਰਕਾਰ ਨੇ ਪੈਟਰੋਲ ਉੱਤੇ ਵਿਸ਼ੇਸ਼ ਵਾਧੂ ਐਕਸਾਈਜ਼ ਡਿਊਟੀ ਨੂੰ ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤਾ ਹੈ ਜਦਕਿ ਡੀਜ਼ਲ ਉੱਤੇ ਇਹ ਡਿਊਟੀ ਪੂਰੀ ਤਰ੍ਹਾਂ ਖਤਮ ਕਰ ਦਿੱਤੀ ਗਈ ਹੈ। ਜਦੋਂ ਪੂਰੀ ਦੁਨੀਆ ਮੱਧ ਪੂਰਬ ਵਿੱਚ ਚੱਲ ਰਹੇ ਤਣਾਅ ਕਾਰਨ ਤੇਲ ਸਪਲਾਈ ਦੇ ਸੰਕਟ ਦਾ ਸਾਹਮਣਾ ਕਰ ਰਹੀ ਹੈ, ਉਸ ਸਮੇਂ ਭਾਰਤ ਸਰਕਾਰ ਵੱਲੋਂ ਲੋਕਾਂ ਨੂੰ ਰਾਹਤ ਦੇਣ ਲਈ ਇਹ ਫੈਸਲਾ ਲੈਣਾ ਕਾਬਿਲੇ ਤਾਰੀਫ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਸ,ਰਣਦੀਪ ਸਿੰਘ ਦਿਓਲ ਹਲਕਾ ਇੰਚਾਰਜ ਧੂਰੀ, ਕ੍ਰਿਸਨ ਗੋਪਾਲ ਨੀਲੂ ਮਿੱਤਲ ਅਤੇ ਜਗਦੇਵ ਜਿੰਦਲ ਜੱਗਾ ਨੇ ਕੀਤਾ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਹਮੇਸ਼ਾ ਆਮ ਆਦਮੀ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਦੀ ਹੈ। ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕਮੀ ਨਾਲ ਨਾ ਸਿਰਫ ਆਮ ਜਨਤਾ ਨੂੰ ਰਾਹਤ ਮਿਲੇਗੀ ਸਗੋਂ ਟਰਾਂਸਪੋਰਟ ਖਰਚੇ ਘਟਣ ਨਾਲ ਮਹਿੰਗਾਈ ਨੂੰ ਵੀ ਕਾਬੂ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਫੈਸਲਾ ਉਸ ਸਮੇਂ ਲਿਆ ਗਿਆ ਹੈ ਜਦੋਂ ਇਰਾਨ ਵੱਲੋਂ ਸਟਰੇਟ ਆਫ ਹੋਰਮੁਜ਼ ਉੱਤੇ ਕਾਬੂ ਵਧਾਉਣ ਕਾਰਨ ਗਲੋਬਲ ਸਪਲਾਈ ਚੇਨ ਪ੍ਰਭਾਵਿਤ ਹੋ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਬਣਾਇਆ, ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਹੋਈਆਂ ਨਿਯੁਕਤੀਆਂ



ਫ਼ਿਰੋਜ਼ਪੁਰ, 28 ਮਾਰਚ (ਮਨੋਹਰ ਲਾਲ) :– ਬਹੁਤ ਹੀ ਵਧੀਆ ਮਿਲਣਸਾਰ ਮਿਹਨਤੀ ਕਰਨੀ, ਕਥਨੀ ਦੇ ਪੂਰੇ ਜੋ ਕਿ ਸਮੇਂ–ਸਮੇਂ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਕਰਨ ਵਿਚ ਦਿਨ ਰਾਤ ਇਕ ਕੀਤੀ ਨੂੰ ਵੇਖਦੇ ਹੋਏ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਬਾਡੀ ਦਾ ਐਲਾਨ ਕੀਤਾ। ਇਸ ਮੌਕੇ ਤੇ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਬਣਾਇਆ ਅਤੇ ਜ਼ਿਲ੍ਹਾ ਸਰਪ੍ਰਸਤ ਬਲਦੇਵ ਸਿੰਘ ਮਾਹਮੂਜੋਈਆ, ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਭਾਵੜਾ, ਮੀਤ ਪ੍ਰਧਾਨ ਹਰਦੇਵ ਸਿੰਘ ਹਾਮਦ, ਸਕੱਤਰ ਜਨਰਲ ਜਸਪਾਲ ਸਿੰਘ ਖਾਨੇ ਕੇ ਅਹਿਲ, ਜਨਰਲ ਸਕੱਤਰ ਗੁਰਬੀਰ ਸਿੰਘ ਬੱਬੂ, ਜਨਰਲ ਸਕੱਤਰ ਪ੍ਰਗਟ ਸਿੰਘ ਲਹਿਰਾ ਬੇਟ, ਮੁੱਖ ਜਥੇਬੰਦਕ ਸਕੱਤਰ ਲਖਵਿੰਦਰ ਸਿੰਘ ਸੰਤੂਵਾਲਾ, ਫਾਈਨਾਂਸ ਸਕੱਤਰ ਬਲਜਿੰਦਰ ਸਿੰਘ ਆਜਾਦ ਨਗਰ, ਪ੍ਰੈਸ ਸਕੱਤਰ ਆਈ.ਟੀ ਸਕੱਤਰ ਰਾਜ ਸਿੰਘ ਖਾਲਸਾ, ਜ਼ਿਲ੍ਹਾ ਲੀਗਲ ਸਕੱਤਰ ਪਰਮਿੰਦਰਦੀਪ ਸਿੰਘ, ਜ਼ਿਲ੍ਹਾ ਯੂਥ ਪ੍ਰਧਾਨ ਮਾਨ ਸਿੰਘ ਕਿਲੀ ਬਣਾਏ ਗਏ। ਇਸ ਮੌਕੇ ਤੇ ਡਾਕਟਰ ਸੁਰਜੀਤ ਸਿੰਘ ਭੁੱਲਰ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਮੁਤਾਬਿਕ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਸਥਾਪਨਾ ਹੋਈ ਹੈ, ਇਹ ਅਕਾਲੀ ਦਲ ਪੰਥ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਕੰਮ ਕਰ ਰਿਹਾ ਹੈ। ਡਾ: ਮੁਖਤਿਆਰ ਸਿੰਘ ਭੁੱਲਰ ਨੇ ਅੱਗੇ ਕਿਹਾ ਕਿ ਅਸੀਂ ਲੋਕ ਸ਼ਕਤੀ ਨੂੰ ਨਾਲ ਲੈ ਕੇ ਇਹ ਸੇਵਾ ਤਨ ਦੇਹੀ ਨਾਲ ਨਿਭਾਵਾਂਗੇ।

### ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਵੱਡਾ ਝਟਕਾ

# ਮਲੇਰਕੋਟਲਾ ਦੇ ਪ੍ਰਮੁੱਖ ਆਗੂ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਿਲ



**ਮਲੇਰਕੋਟਲਾ, 28 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਜ਼ਿਲ੍ਹਾ ਮਲੇਰਕੋਟਲਾ ਦੇ ਪਿੰਡ ਭੋਗੀਵਾਲ ਤੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਵੇਲੇ ਵੱਡਾ ਸਿਆਸੀ ਝੱਟਕਾ ਲੱਗਾ, ਜਦੋਂ ਮਲੇਰਕੋਟਲਾ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਸਰਦਾਰ ਕੇਵਲ ਸਿੰਘ ਜੀ ਅਤੇ ਉਹਨਾਂ ਦੇ ਸਪੁੱਤਰ ਮੌਜੂਦਾ ਸਰਪੰਚ ਗੁਰਸ਼ਰਨ ਸਿੰਘ ਜੀ ਆਪਣੇ ਸਾਥੀ ਵਰਕਰਾਂ ਸਮੇਤ ਬਾਦਲ ਦਲ ਨੂੰ ਛੱਡ ਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਦੀ ਅਗਵਾਈ ਵਿੱਚ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਨਵੇਂ ਸ਼ਾਮਿਲ ਹੋਏ ਪੰਥਕ ਆਗੂਆਂ ਅਤੇ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਸ਼ਮੂਲੀਅਤ ਸਿਰਫ ਗਿਣਤੀ ਵਿੱਚ ਵਾਧਾ ਨਹੀਂ, ਸਗੋਂ ਇਹ ਪੰਜਾਬ ਵਿੱਚ ਚੱਲ ਰਹੇ ਬਦਲਾਅ ਦੀ ਸਪੱਸ਼ਟ ਨਿਸ਼ਾਨੀ ਹਨ। ਉਨ੍ਹਾਂ ਦੱਸਿਆ ਕਿ ਜਿਵੇਂ ਜਿਵੇਂ ਲੋਕ ਪੁਰਾਣੀਆਂ ਰਵਾਇਤੀ ਪਾਰਟੀਆਂ ਦੀ ਨਾਕਾਮੀ ਨੂੰ ਸਮਝ ਰਹੇ ਹਨ, ਉਹ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨਾਲ ਜੁੜ ਕੇ ਇੱਕ ਨਵੀਂ ਸਿਆਸੀ ਦਿਸ਼ਾ ਨੂੰ ਮਜ਼ਬੂਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਪਾਰਟੀ ਸਿਰਫ ਚੋਣਾਂ ਜਿੱਤਣ ਲਈ ਨਹੀਂ, ਸਗੋਂ ਪੰਜਾਬ, ਪੰਥ ਅਤੇ ਆਮ ਲੋਕਾਂ ਦੇ ਹੱਕਾਂ ਦੀ ਲੜਾਈ ਲੜਨ ਲਈ ਬਣੀ ਹੈ। ਪਾਰਟੀ ਦਾ ਮਕਸਦ ਹੈ ਕਿ ਨੌਜਵਾਨਾਂ ਨੂੰ ਸਹੀ ਰਾਹ ਦਿੱਤਾ ਜਾਵੇ, ਕਿਸਾਨਾਂ, ਮਜ਼ਦੂਰਾਂ ਅਤੇ ਆਮ ਵਰਗ ਦੀਆਂ ਮੁਸ਼ਕਲਾਂ ਨੂੰ ਹੱਲ ਕੀਤਾ ਜਾਵੇ ਅਤੇ ਪੰਜਾਬ ਨੂੰ ਮੁੜ ਉਸਦੀ ਅਸਲ ਪਹਿਚਾਣ ਦਿੱਤੀ ਜਾਵੇ। ਨਵੇਂ ਸ਼ਾਮਿਲ ਹੋਏ ਆਗੂਆਂ ਨੇ ਇਸ ਮੌਕੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਨਾਲ ਜੁੜੇ ਰਹੇ, ਪਰ ਹੁਣ ਪਾਰਟੀ ਆਪਣੀ ਅਸਲ ਵਿਚਾਰਧਾਰਾ ਤੋਂ ਦੂਰ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੇ ਮੁੱਦਿਆਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਸੀ, ਜਿਸ ਕਾਰਨ ਉਹਨਾਂ ਨੇ ਇਹ ਵੱਡਾ ਫੈਸਲਾ ਲਿਆ। ਉਨ੍ਹਾਂ ਨੇ ਕਿਹਾ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਸਾਫ-ਸੁਥਰੀ ਸੋਚ ਅਤੇ ਪੰਥਕ ਨੀਤੀ ਤੋਂ ਪ੍ਰਭਾਵਿਤ ਹੋ ਕੇ ਉਹ ਇਸ ਪਰਿਵਾਰ ਦਾ ਹਿੱਸਾ ਬਣੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਇਲਾਕੇ ਵਿੱਚ ਹੋਰ ਵੀ ਵੱਡੇ ਪੱਧਰ 'ਤੇ ਲੋਕ ਪਾਰਟੀ ਨਾਲ ਜੁੜਣਗੇ ਅਤੇ ਇਸ ਲਹਿਰ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਉਹ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੀ ਕੋਸ਼ਿਸ਼ ਕਰਨਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਆਗੂ ਅਤੇ ਵਰਕਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਸ਼ਾਮਿਲ ਹੋਏ ਸਾਥੀਆਂ ਦਾ ਸਵਾਗਤ ਕੀਤਾ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ।



**ਸਾਬਕਾ ਚੇਅਰਮੈਨ ਕੇਵਲ ਸਿੰਘ ਤੇ ਸਰਪੰਚ ਗੁਰਸ਼ਰਨ ਸਿੰਘ ਸਾਥੀਆਂ ਸਮੇਤ ਪਾਰਟੀ ਨਾਲ ਜੁੜੇ, ਇਲਾਕੇ 'ਚ ਬਣੀ ਨਵੀਂ ਸਿਆਸੀ ਲਹਿਰ**

ਆਵਾਜ਼ਿ ਕੌਮ AWAZE QAUM International Newspaper & WEB TV

### ਫਰਵਾਹੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

# ਬੱਚਿਆਂ ਨੂੰ ਕੀਤਾ ਸਨਮਾਨਤ




**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਸਰਕਾਰੀ ਹਾਈ ਸਕੂਲ ਫਰਵਾਹੀ ਵਿਖੇ ਮੈਗਾਪੇਟੀਐਮ ਦਾ ਆਯੋਜਨ ਸਕੂਲ ਇੰਚਾਰਜ ਅਸ਼ੋਕ ਕੁਮਾਰ ਗਰਗ ਦੀ ਅਗਵਾਈ ਹੇਠ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਦਾ ਨਤੀਜਾ 100% ਅਤੇ ਸ਼ਾਨਦਾਰ ਰਿਹਾ। ਛੇਵੀਂ ਕਲਾਸ ਦੇ ਵਿੱਚੋਂ ਪਹਿਲੇ ਸਥਾਨ ਤੇ ਵੰਦਨਾ ਰੁਪਾਲ ਦੂਜੇ ਸਥਾਨ ਤੇ ਸੋਫੀਆ ਪਰਵੀਨ ਅਤੇ ਤੀਜਾ ਸਥਾਨ ਆਮਨਾ ਬੇਗਮ ਅਤੇ ਤਰਨਜੀਤ ਸਿੰਘ ਨੇ ਪ੍ਰਾਪਤ ਕੀਤਾ। ਸੱਤਵੀਂ ਜਮਾਤ ਵਿੱਚੋਂ ਪਹਿਲੇ ਸਥਾਨ ਤੇ ਮੁਹੰਮਦ ਫਰਹਾਨ, ਦੂਜੇ ਸਥਾਨ ਤੇ ਨਵਜੋਤ ਕੌਰ ਅਤੇ ਤੀਜੇ ਸਥਾਨ ਤੇ ਨਵਜੋਤ ਕੌਰ ਪੁੱਤਰੀ ਸੰਦੀਪ ਸਿੰਘ ਅਤੇ ਰਾਧਿਕਾ ਮਨੀ। ਨੌਵੀਂ ਏ ਜਮਾਤ ਵਿੱਚੋਂ ਪਹਿਲੇ ਸਥਾਨ ਤੇ ਮਹਿਕਪ੍ਰੀਤ ਕੌਰ ਦੂਜੇ ਸਥਾਨ ਤੇ ਸਮਨੀਕ ਕੌਰ ਅਤੇ ਤੀਜੇ ਸਥਾਨ ਤੇ ਅਰਸ਼ਪ੍ਰੀਤ ਕੌਰ ਅਤੇ ਨੌਵੀਂ ਬੀ ਵਿੱਚੋਂ ਪਹਿਲੇ ਸਥਾਨ ਤੇ ਪਰਮਿੰਦਰ ਸਿੰਘ ਦੂਜੇ ਸਥਾਨ ਤੇ ਮਮਤਾ ਤੇ ਤੀਜੇ ਸਥਾਨ ਤੇ ਮਨਪ੍ਰੀਤ ਸਿੰਘ ਰਿਹਾ। ਮਾਪਿਆਂ ਨੇ ਇਸ ਮੈਗਾ ਪੀਟੀਐਮ ਦੇ ਵਿੱਚ ਵੱਧ ਚੜ ਕੇ ਹਿੱਸਾ ਲਿਆ ਅਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਐਸ.ਐਚ.ਓ ਸਿਟੀ ਧੂਰੀ ਨੇ ਸਵਰਨਕਾਰ ਸੰਘ ਦੇ ਆਗੂਆਂ ਨਾਲ ਕੀਤੀ ਮੀਟਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਇੰਸਪੈਕਟਰ ਸ੍ਰ ਜਸਵੀਰ ਸਿੰਘ ਸਿੰਘ ਤੂਰ ਇੰਚਾਰਜ ਥਾਣਾ ਸਿਟੀ ਧੂਰੀ ਨੇ ਅੱਜ ਸਵਰਨਕਾਰ ਸੰਘ ਦੇ ਆਗੂਆਂ ਨਾਲ ਮੀਟਿੰਗ ਦੌਰਾਨ ਦੁਕਾਨਾਂ ਤੇ ਚੋਰੀ ਹੋਣ, ਚੋਰੀ ਦੇ ਬਚਾਓ ਲਈ ਸਮੂਹ ਜਿਊਲਰਜ ਨੂੰ ਆਪੋ ਆਪਣੀਆਂ ਦੁਕਾਨਾਂ ਦੇ ਕੈਮਰੇ ਲਗਾਤਾਰ ਚਾਲੂ ਰੱਖਣ ਅਤੇ, ਦੁਕਾਨਾਂ ਤੇ ਸਕਿਓਰਟੀ ਪਰਪਜ਼ ਲਈ ਸਕਿਓਰਟੀ ਸਿਸਟਮ ਲਗਾਉਣ ਦੁਕਾਨ ਦੇ ਸਟਰ,ਉਪਰਲੀ ਛੱਤ ਦੇ ਦਰਵਾਜ਼ੇ, ਤਿਜੋਰੀ ਆਦਿ ਨੂੰ ਇਲੈਕਟ੍ਰਿਕ ਸਾਧਨ ਲਗਵਾਉਣ ਦੀ ਅਪੀਲ ਕੀਤੀ, ਉਹਨਾਂ ਸੰਘ ਦੇ ਆਗੂਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੀ ਰਾਤ ਪਾਠਸ਼ਾਲਾ ਸਕੂਲ ਰੋਡ ਤੇ ਇੱਕ ਨਾਮੀ ਜਿਊਲਰ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਪਰ ਸਾਇਰਨ ਵੱਜਣ ਦੀ ਅਵਾਜ ਕਾਰਨ ਬਚਾਓ ਰਹਿ ਗਿਆ,ਚੋਰ ਚੋਰੀ ਲਈ ਵਰਤੇ ਜਾਣ ਵਾਲੇ ਔਜਾਰ ਛੱਡ ਕੇ ਭੱਜ ਨਿਕਲੇ ,ਉਨ੍ਹਾਂ ਸਾਰਿਆਂ ਨੂੰ ਸਤੱਰਕ ਰਹਿਣ ਦੀ ਅਪੀਲ ਕੀਤੀ, ਸਵਰਨਕਾਰ ਸੰਘ ਦੇ ਆਗੂਆਂ ਨੇ ਬਜ਼ਾਰ ਵਿਚ ਪੁਲਿਸ ਦੀ ਗਸ਼ਤ ਵਧਾਉਣ ਦੀ ਮੰਗ ਕੀਤੀ ਇਸ ਮੌਕੇ ਤੇ ਸਵਰਨਕਾਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਚਾਂਗਲੀ, ਸ਼ਹਿਰੀ ਪ੍ਰਧਾਨ ਚੰਨ ਪ੍ਰੀਤ ਸਿੰਘ ਰਿੰਕੂ, ਮਦਨ ਲਾਲ ਵਰਮਾ, ਗੁਰਮੀਤ ਸਿੰਘ ਗੰਗਾਂ, ਰਜਿੰਦਰ ਸਿੰਘ ਨਿੱਕਾ, ਦਲਵੀਰ ਸਿੰਘ ਕਾਕਾ, ਪ੍ਰਵੀਨ ਕਾਜਲਾ, ਮਨਮੋਹਨ ਵਰਮਾ, ਤੋਂ ਇਲਾਵਾ ਸਵਰਨਕਾਰ ਸੰਘ ਦੇ ਹੋਰ ਮੈਂਬਰ ਸਾਹਿਬਾਨ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 'ਖਤਰਨਾਕ' ਐਫਸੀਆਰਏ ਸੋਧਾਂ ਨੂੰ ਸੀਬੀਸੀਆਈ ਨੇ ਦਿੱਤੀ ਹਰੀ ਝੰਡੀ, ਘੱਟ ਗਿਣਤੀ ਸੰਸਥਾਵਾਂ ਵਿੱਚ ਦਖਲਅੰਦਾਜ਼ੀ ਦੀ ਦਿੱਤੀ ਚੇਤਾਵਨੀ




**ਨਵੀਂ ਦਿੱਲੀ, 28 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਕੈਥੋਲਿਕ ਬਿਸ਼ਪ ਕਾਨਫਰੰਸ ਆਫ਼ ਇੰਡੀਆ (ਸੀਬੀਸੀਆਈ) ਨੇ ਵਿਦੇਸ਼ੀ ਯੋਗਦਾਨ ਰੈਗੂਲੇਸ਼ਨ ਐਕਟ (ਐਫਸੀਆਰਏ) ਵਿੱਚ ਪ੍ਰਸਤਾਵਿਤ ਸੋਧਾਂ 'ਤੇ "ਗੰਭੀਰ ਚਿੰਤਾ" ਪ੍ਰਗਟ ਕੀਤੀ ਹੈ, ਬਿੱਲ ਨੂੰ ਇਸਦੇ ਪ੍ਰਭਾਵਾਂ ਵਿੱਚ "ਖਤਰਨਾਕ" ਅਤੇ "ਚਿੰਤਾਜਨਕ" ਦੱਸਿਆ ਹੈ। ਇੱਕ ਬਿਆਨ ਵਿੱਚ, ਸਿਖਰਲੀ ਕੈਥੋਲਿਕ ਸੰਸਥਾ ਨੇ ਕਿਹਾ ਕਿ ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਪ੍ਰਸਤਾਵਿਤ ਬਦਲਾਅ, ਲਾਇਸੈਂਸ ਨਵੀਨੀਕਰਨ ਦੇ ਬਹਾਨੇ ਸੰਵਿਧਾਨਕ ਤੌਰ 'ਤੇ ਗਾਰੰਟੀਸ਼ੁਦਾ ਆਜ਼ਾਦੀਆਂ ਵਿੱਚ "ਕਾਰਜਕਾਰੀ ਦਖਲਅੰਦਾਜ਼ੀ" ਨੂੰ ਸਮਰੱਥ ਬਣਾ ਸਕਦੇ ਹਨ। ਇਸ ਨੇ ਚੇਤਾਵਨੀ ਦਿੱਤੀ ਕਿ ਸੋਧਾਂ ਘੱਟ ਗਿਣਤੀ ਸੰਸਥਾਵਾਂ ਅਤੇ ਸਿਵਲ ਸੁਸਾਇਟੀ ਸੰਗਠਨਾਂ ਦੇ ਕੰਮਕਾਜ ਵਿੱਚ "ਬੇਲੋੜੀ ਦਖਲਅੰਦਾਜ਼ੀ" ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰਦੀਆਂ ਹਨ। ਇਹ ਬਿੱਲ ਬੁੱਧਵਾਰ (26 ਮਾਰਚ) ਨੂੰ ਲੋਕ ਸਭਾ ਵਿੱਚ ਪੇਸ਼ ਕੀਤਾ ਗਿਆ ਸੀ। ਸੀਬੀਸੀਆਈ ਨੇ ਉਨ੍ਹਾਂ ਪ੍ਰਬੰਧਾਂ 'ਤੇ ਇਤਰਾਜ਼ ਜਤਾਇਆ ਹੈ ਜੋ ਕੇਂਦਰ ਸਰਕਾਰ ਨੂੰ ਸ਼ਕਤੀ ਪ੍ਰਦਾਨ ਕਰਨਗੇ - ਮੁੱਖ ਤੌਰ 'ਤੇ ਇਸ ਬਾਰੇ ਚਿੰਤਾ ਪ੍ਰਗਟ ਕਰਦੇ ਹੋਏ ਕਿ ਇੱਕ ਨਵੀਂ ਲਾਇਸੈਂਸਿੰਗ ਅਥਾਰਟੀ ਕਿਵੇਂ ਕੰਮ ਕਰੇਗੀ ਜੋ ਸਥਾਪਤ ਕੀਤੀ ਜਾ ਰਹੀ ਹੈ - ਜੋ ਲਾਇਸੈਂਸਾਂ ਨੂੰ ਨਵਿਆਉਣ ਜਾਂ ਰੱਦ ਕਰਨ ਤੋਂ ਇਨਕਾਰ ਕਰਨ ਦੇ ਯੋਗ ਹੋਵੇਗੀ ਅਤੇ ਗੈਰ-ਸਰਕਾਰੀ ਸੰਗਠਨਾਂ ਅਤੇ ਘੱਟ ਗਿਣਤੀ ਸੰਸਥਾਵਾਂ ਦੇ ਸੰਸਥਾਨਾਂ, ਫੰਡਾਂ, ਜਾਇਦਾਦਾਂ ਅਤੇ ਸੰਪਤੀਆਂ 'ਤੇ ਨਿਯੰਤਰਣ ਸੰਭਾਲ ਸਕੇਗੀ। ਇਹ ਅਥਾਰਟੀ ਜਾਇਦਾਦਾਂ ਨੂੰ ਜ਼ਬਤ ਕਰ ਸਕਦੀ ਹੈ, ਪ੍ਰਬੰਧਿਤ ਕਰ ਸਕਦੀ ਹੈ ਅਤੇ ਨਿਪਟਾਰਾ ਕਰ ਸਕਦੀ ਹੈ, ਅਤੇ ਅਸਥਾਈ ਅਤੇ ਸਥਾਈ ਦੋਵੇਂ ਤਰ੍ਹਾਂ ਦੇ ਨਿਵੇਸ਼ ਪ੍ਰਸਤਾਵਿਤ ਹਨ। ਸੀਬੀਸੀਆਈ ਨੇ ਕਿਹਾ ਕਿ ਅਜਿਹੇ ਉਪਾਅ ਨਿਰਪੱਖਤਾ, ਪਾਰਦਰਸ਼ਤਾ ਅਤੇ ਜਵਾਬਦੇਹੀ ਸੰਬੰਧੀ ਚਿੰਤਾਵਾਂ ਪੈਦਾ ਕਰਦੇ ਹਨ। ਸੰਗਠਨ ਨੇ ਬਿਆਨ ਵਿੱਚ ਬਿੱਲ ਨੂੰ ਪੇਸ਼ ਕਰਨ ਦੇ ਪਿੱਛੇ ਦੇ ਇਰਾਦੇ 'ਤੇ ਵੀ ਸਵਾਲ ਉਠਾਇਆ, ਇਸਨੂੰ ਇੱਕਪਾਸੜ ਅਤੇ ਵਿਰੋਧੀ ਸੰਸਦ ਮੈਂਬਰਾਂ ਦੇ ਵਿਰੋਧ ਦੇ ਬਾਵਜੂਦ ਕੁਝ ਵੀ ਨਹੀਂ ਦੱਸਿਆ। ਇਸਨੇ ਮੌਲਿਕ ਅਧਿਕਾਰਾਂ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ 'ਤੇ ਵਿਆਪਕ ਸਲਾਹ-ਮਸ਼ਵਰੇ ਅਤੇ ਵਿਚਾਰ-ਵਟਾਂਦਰੇ ਦੀ ਮੰਗ ਕੀਤੀ। ਸੀਬੀਸੀਆਈ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਸੰਗਠਨਾਂ ਦੇ ਵਿਦੇਸ਼ੀ ਫੰਡਾਂ ਅਤੇ ਸੰਪਤੀਆਂ ਨੂੰ ਉਨ੍ਹਾਂ ਦੀ ਐਫਸੀਆਰਏ ਰਜਿਸਟ੍ਰੇਸ਼ਨ ਦੀ ਮਿਆਦ ਪੁੱਗਣ 'ਤੇ ਕੰਟਰੋਲ ਕਰਨ ਦੇ ਯੋਗ ਬਣਾਉਣ ਵਾਲੇ ਉਪਬੰਧ "ਗੈਰ-ਲੋਕਤੰਤਰੀ, ਗੈਰ-ਸੰਵਿਧਾਨਕ ਅਤੇ ਕੁਦਰਤੀ ਨਿਆਂ ਦੇ ਸਿਧਾਂਤਾਂ ਦੇ ਉਲਟ" ਹਨ। ਇਸਨੇ ਸੋਧਾਂ ਨੂੰ ਘੱਟ ਗਿਣਤੀ ਸੰਸਥਾਵਾਂ ਨੂੰ "ਬਹੁਤ ਜ਼ਿਆਦਾ ਸਖ਼ਤ ਰੈਗੂਲੇਟਰੀ ਢਾਂਚੇ" ਦੇ ਅਧੀਨ ਰੱਖਣ ਦੀ ਕੋਸ਼ਿਸ਼ ਵਜੋਂ ਦਰਸਾਇਆ ਹੈ । ਪੀਟੀਆਈ ਦੀ ਰਿਪੋਰਟ ਅਨੁਸਾਰ, ਵਿਦੇਸ਼ੀ ਯੋਗਦਾਨ (ਨਿਯਮ) ਸੋਧ ਬਿੱਲ, 2026, ਉਨ੍ਹਾਂ ਐਨਜੀਓ ਦੀਆਂ ਜਾਇਦਾਦਾਂ ਦਾ ਅਸਥਾਈ ਜਾਂ ਸਥਾਈ ਨਿਯੰਤਰਣ ਲੈਣ ਲਈ ਇੱਕ "ਨਿਯੁਕਤ ਅਥਾਰਟੀ" ਬਣਾਉਣ ਦਾ ਪ੍ਰਸਤਾਵ ਰੱਖਦਾ ਹੈ ਜਿਨ੍ਹਾਂ ਦੇ ਐਫਸੀਆਰਏ ਲਾਇਸੈਂਸ ਰੱਦ ਕੀਤੇ ਗਏ ਹਨ, ਸਮਰਪਣ ਕੀਤੇ ਗਏ ਹਨ ਜਾਂ ਖਤਮ ਹੋ ਗਏ ਹਨ । ਇਸ ਵਿੱਚ ਅਜਿਹੀਆਂ ਜਾਇਦਾਦਾਂ ਦੇ ਪ੍ਰਬੰਧਨ ਅਤੇ ਨਿਪਟਾਰੇ ਦੀਆਂ ਸ਼ਕਤੀਆਂ ਸ਼ਾਮਲ ਹਨ। ਇਹ ਫੰਡਾਂ ਦੀ ਵਰਤੋਂ, ਮੁਅੱਤਲੀ ਦੌਰਾਨ ਸੰਪਤੀਆਂ ਨੂੰ ਨਿਯਮਤ ਕਰਨ, ਜੁਰਮਾਨਿਆਂ ਨੂੰ ਤਰਕਸੰਗਤ ਬਣਾਉਣ ਅਤੇ ਜਾਂਚ ਸ਼ੁਰੂ ਕਰਨ ਲਈ ਕੇਂਦਰ ਸਰਕਾਰ ਦੀ ਪੂਰਵ ਪ੍ਰਵਾਨਗੀ ਦੀ ਲੋੜ ਲਈ ਸਮਾਂ-ਸੀਮਾਵਾਂ ਵੀ ਪੇਸ਼ ਕਰਦਾ ਹੈ। ਸੀਬੀਸੀਆਈ ਨੇ ਸਰਕਾਰ ਨੂੰ ਪ੍ਰਸਤਾਵਿਤ ਸੋਧਾਂ 'ਤੇ ਮੁੜ ਵਿਚਾਰ ਕਰਨ ਅਤੇ ਬਿੱਲ ਵਿੱਚੋਂ "ਸਾਰੇ ਵਿਵਾਦਪੂਰਨ ਉਪਬੰਧਾਂ ਨੂੰ ਹਟਾਉਣ" ਦੀ ਅਪੀਲ ਕੀਤੀ, ਜਦੋਂ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸੰਵਿਧਾਨਕ ਅਧਿਕਾਰਾਂ ਅਤੇ ਆਜ਼ਾਦੀਆਂ, ਖਾਸ ਕਰਕੇ ਘੱਟ ਗਿਣਤੀਆਂ ਦੇ, ਦੀ ਰੱਖਿਆ ਕੀਤੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ

# ਸਲਾਨਾ ਜੋੜ ਮੇਲਾ ਕਰਵਾਇਆ ਗਿਆ : ਸੰਤ ਬਾਬਾ ਗੁਰਦੇਵ ਸਿੰਘ ਜੀ

## ਢਾਡੀ ਗਿਆਨੀ ਗੁਰਪ੍ਰਤਾਪ ਸਿੰਘ ਜੀ ਪਦਮ, ਢਾਡੀ ਬਲਬੀਰ ਸਿੰਘ ਜੀ ਪਾਰਸ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੀ, ਕਵੀਸਰ ਗਿਆਨੀ ਮੱਖਣ ਸਿੰਘ ਜੀ ਦਸਮੇਸ਼ ਨਗਰ ਅਤੇ ਰਾਗੀ ਬਾਬਾ ਮਨਜੀਤ ਸਿੰਘ ਜੀ ਗੁਰੂ ਨਾਨਕ ਦਲ ਬਟਾਲਾ ਸਮੇਤ ਪੰਥ ਪ੍ਰਸਿੱਧ ਜਥੇ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕੀਤਾ














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਚੌਂਕ ਮਹਿਤਾ, 28 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)–ਸੱਚਖੰਡਵਾਸੀ ਭਗਤ ਬਾਬਾ ਗੁਰਬਚਨ ਸਿੰਘ ਜੀ ਅਤੇ ਸੱਚਖੰਡਵਾਸੀ ਭਗਤ ਬਾਬਾ ਪ੍ਰੀਤਮ ਸਿੰਘ ਜੀ ਦੇ ਚਰਨ ਸੇਵਕ ਅਤੇ ਗੁਰਦੁਆਰਾ ਭਗਤਾਂ ਦਾ ਡੇਰਾ (ਤਰਸਿੱਕਾ) ਦੇ ਮੌਜੂਦਾ ਮੁਖੀ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਦੀ ਅਗਵਾਈ ਨੂੰ 2 ਰੋਜਾ ਸਲਾਨਾ ਜੋੜ ਮੇਲਾ ਮਨਾਇਆ ਗਿਆ। ਜਿਸ ਦੌਰਾਨ ਰੋਜ਼ਾਨਾ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਗਏ, ਜਿਨਾਂ ਵਿੱਚ ਢਾਡੀ ਗਿਆਨੀ ਗੁਰਪ੍ਰਤਾਪ ਸਿੰਘ ਜੀ ਪਦਮ, ਢਾਡੀ ਬਲਬੀਰ ਸਿੰਘ ਜੀ ਪਾਰਸ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ ਜੀ, ਕਵੀਸਰ ਗਿਆਨੀ ਮੱਖਣ ਸਿੰਘ ਜੀ ਦਸਮੇਸ਼ ਨਗਰ ਅਤੇ ਰਾਗੀ ਬਾਬਾ ਮਨਜੀਤ ਸਿੰਘ ਜੀ ਗੁਰੂ ਨਾਨਕ ਦਲ ਬਟਾਲਾ ਸਮੇਤ ਪੰਥ ਪ੍ਰਸਿੱਧ ਜਥੇ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾ ਕੇ ਨਿਹਾਲ ਕੀਤਾ। ਜੋੜਮੇਲੇ ਦੇ ਦੋਵੇ ਦਿਨ ਸ਼ਾਮ 5 ਵਜੇ ਕਬੱਡੀ ਦੀਆਂ ਨਾਮਵਰ ਟੀਮਾਂ ਵਿਚਾਲੇ ਮੈਚ ਖੇਡੇ ਗਏ। ਜੇਤੂ ਟੀਮਾਂ ਨੂੰ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਬਾਬਾ ਜੁਝਾਰ ਸਿੰਘ ਦਸਤਾਰ ਲਹਿਰ (ਦੁਬਈ) ਵੱਲੋਂ ਦੋਵੇਂ ਦਿਨ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਗਿਆ। ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਦੱਸਿਆ ਕਿ 28 ਮਾਰਚ ਨੂੰ ਸ਼ਨੀਵਾਰ ਸਵੇਰੇ 10 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਇਸ ਮੌਕੇ ਤੇ ਅਮ੍ਰਿੰਤ ਅਭਿਲਾਖੀ ਨੂੰ ਫ੍ਰੀ ਕਕਾਰ ਦਿੱਤੇ ਗਏ।, ਉਨਾਂ ਨੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਦੀ ਅਪੀਲ ਕੀਤੀ ਅਤੇ ਇਸ ਜੋੜਮੇਲੇ ਵਿਚ ਸੰਗਤਾਂ ਵੱਲੋਂ ਗੰਨੇ ਦਾ ਰਸ,ਚਾਹ ਪਕੌੜੇ, ਫਰੂਟ ਚਾਟ ਅਤੇ ਗੁਰੂ ਸਾਹਿਬ ਜੀ ਦੇ ਲੰਗਰ ਅਟੁੱਟ ਵਰਤੇ। ਇਸ ਜੋੜ ਮੇਲੇ ਵਿੱਚ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਬਹੁਤ ਗਿਣਤੀ ਵਿੱਚ ਹਾਜ਼ਰੀਆ ਭਰੀਆਂ। ਅਤੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਂਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਹੈਂਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਭਾਈ ਨਿਰਮਲ ਸਿੰਘ ਅਤੇ ਹੋਰ ਦਮਦਮੀ ਟਕਸਾਲ ਦੇ ਜ਼ਿਮੇਵਾਰ ਸਿੰਘਾਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਜਥੇਦਾਰ ਬਾਬਾ ਜੋਗਾ ਸਿੰਘ ਤਰਨਾ ਦਲ ਬਾਬਾ ਬਕਾਲਾ ਸਾਹਿਬ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਸ੍ਰੀ ਆਕਾਲ ਸਾਹਿਬ ਜੀ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਭਾਈ ਸੁਖਵਿੰਦਰ ਸਿੰਘ ਅਬਗਾਨ, ਸੰਤ ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ, ਸੰਤ ਬਾਬਾ ਭਗਵਾਨ ਗਿਰੀ, ਸੰਤ ਬਾਬਾ ਰਘਵੀਰ ਸਿੰਘ ਖਿਆਲਾ, ਸੰਤ ਬਾਬਾ ਅਮਰ ਸਿੰਘ ਜੱਬੋਵਾਲ, ਸੰਤ ਬਾਬਾ ਬਲਵਿੰਦਰ ਸਿੰਘ ਰਾਜਾ ਰਾਮ ਹਰਚੋਵਾਲ, ਬਾਬਾ ਦਰਸ਼ਨ ਦਾਸ ਟਾਗਰਾ, ਭਾਈ ਅਮਨਦੀਪ ਸਿੰਘ ਦਮਦਮੀ ਟਕਸਾਲ, ਸੰਤ ਬਾਬਾ ਪ੍ਰੇਮਾਨੰਦ ਉਪਲਾ, ਸੰਤ ਬਾਬਾ ਰਾਮ ਮੁਨੀ, ਭਾਈ ਜਗਤਾਰ ਸਿੰਘ ਦਮਦਮੀ ਟਕਸਾਲ, ਬਾਬਾ ਸੁਖਵੰਤ ਸਿੰਘ ਚੰਨਣਕੇ, ਗਿਆਨੀ ਮਲਕੀਅਤ ਸਿੰਘ ਸਰਪੰਚ,ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ, ਸੰਤ ਬਾਬਾ ਲਖਬੀਰ ਸਿੰਘ ਭੰਗਾਲੀ, ਸੰਤ ਬਾਬਾ ਨਵਤੇਜ ਸਿੰਘ ਚੇਲੇਆਨਾ ਸਾਹਿਬ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ ਉਦੋਕੇ, ਸੰਤ ਬਾਬਾ ਮੇਜਰ ਸਿੰਘ ਟਾਹਲੀ ਸਾਹਿਬ, ਆਦਿ ਸੰਤਾਂ ਮਹਾਂਪੁਰਸ਼ਾਂ ਨੇ ਹਾਜ਼ਰੀਆਂ ਭਰੀਆਂ ਸਟੇਜ ਸੈਕਟਰੀ ਦੀ ਸੇਵਾ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਜੌਹਲ ਨੇ ਬਾਖੂਬੀ ਨਾਲ ਨਿਭਾਈ। ਇਸ ਮੌਕੇ ਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਆਏ ਮਹਾਂਪੁਰਖਾ, ਸੰਤਾਂ ਨੂੰ ਸਿਰਪਾਓ ਅਤੇ ਦੁਸ਼ਾਲੇ ਦੇ ਕੇ ਸਨਮਾਨਿਤ ਕੀਤਾ। ਅਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਨੇ ਸਮੂਹ ਸੰਗਤਾਂ ਸੇਵਾਦਾਰਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਜੋੜ ਮੇਲੇ ਵਿੱਚ ਤਨ ਮਨ ਧਨ ਨਾਲ ਸੇਵਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਿਖੇ

# ਸਲਾਨਾ ਜੋੜ ਮੇਲਾ ਕਰਵਾਇਆ ਗਿਆ : ਸੰਤ ਬਾਬਾ ਗੁਰਦੇਵ ਸਿੰਘ ਜੀ

## ਕਬੱਡੀ ਦੀਆਂ ਨਾਮਵਰ ਟੀਮਾਂ ਵਿਚਾਲੇ ਮੈਚ ਖੇਡੇ ਗਏ। ਜੇਤੂ ਟੀਮਾਂ ਨੂੰ ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਜੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਠਿੰਡਾ ਦੇ ਕਸਬਾ ਰਾਮਾਂ ਮੰਡੀ ਨੇੜੇ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ ਤਲਵੰਡੀ ਸਾਬੋ ਵਿਖੇ

# ਗੁਰੂ ਘਰ ਦੇ ਸ਼ਰਧਾਲੂ ਪਰਿਵਾਰ ਸ. ਅਜੈਬ ਸਿੰਘ ਜੀ ਦੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ







ਬਠਿੰਡਾ ਦੇ ਕਸਬਾ ਰਾਮਾਂ ਮੰਡੀ ਨੇੜੇ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ ਤਲਵੰਡੀ ਸਾਬੋ ਵਿਖੇ ਅੱਜ 28 ਮਾਰਚ 2026 ਨੂੰ ਗੁਰੂ ਘਰ ਦੇ ਸ਼ਰਧਾਲੂ ਪਰਿਵਾਰ ਸ. ਅਜੈਬ ਸਿੰਘ ਜੀ ਦੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ ਸਮੇਂ ਪ੍ਰੀਵਾਰ ਦੇ ਸੱਦੇ ਉੱਪਰ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਅਤੇ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਪ੍ਰੀਵਾਰ ਅਤੇ ਰਾਮਾ ਮੰਡੀ ਨਿਵਾਸੀਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ ਪ੍ਰੀਵਾਰ ਨੇ ਸਿਰਪਾਉ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ ਇਸ ਸਮੇਂ ਡਾ.ਗੁਰਮੀਤ ਸਿੰਘ ਖਾਲਸਾ ਬਰੀਵਾਲਾ ਡਾ.ਜਗਮੀਤ ਸਿੰਘ ਲਾਡੀ ਸ੍ਰੀ ਤੇਲੂ ਰਾਮ ਲਹਿਰੀ ਪ੍ਰਧਾਨ ਅਗਰਵਾਲ ਸਭਾ ਵੀ ਹਾਜ਼ਰ ਸਨ

# ਕੇਂਦਰ ਅਤੇ ਪੰਜਾਬ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਤੁਰੰਤ ਹੁਕਮ ਜਾਰੀ ਕਰੇ : ਸਲੇਮਪੁਰ



**ਧੂਰੀ ( ਰਣਜੀਤ ਸਿੰਘ ਪੇਧਨੀ )**- ਸਰਕਾਰਾਂ ਦੀ ਬੇਇਨਸਾਫੀ ਤੇ ਤਾਨਾਸ਼ਾਹੀ ਦੇ ਸ਼ਿਕਾਰ ਹੋਏ ਖਾਲਸਾ ਪੰਥ ਦੇ ਸੂਰਬੀਰ ਸਿੰਘ ਜੋ ਆਪਣੀਆਂ ਸਜਾਵਾਂ ਵੀ ਕਾਨੂੰਨੀ ਪੱਧਰ ਤੇ ਪੂਰੀਆਂ ਕਰ ਚੁੱਕੇ ਹਨ ਪਰ ਫਿਰ ਵੀ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ ਤੇ ਬੰਦੀ ਬਣਾ ਕੇ ਰੱਖੇ ਹੋਏ ਹਨ ਕੇਂਦਰ ਅਤੇ ਵੱਖ-ਵੱਖ ਪ੍ਰਾਂਤਾਂ ਨਾਲ ਸਬੰਧਤ ਸਰਕਾਰਾਂ ਨੂੰ ਬਿਨ੍ਹਾਂ ਸ਼ਰਤ ਇਨ੍ਹਾਂ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ ਦੇਰ ਨਾਲ ਮਿਲਿਆ ਇਨਸਾਫ ਵੀ ਬੇਇਨਸਾਫੀ ਹੀ ਹੁੰਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਸ, ਹਰਬੰਸ ਸਿੰਘ ਸਲੇਮਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਅਨੇਕਾਂ ਸਿੰਘਾਂ ਤੇ ਝੂਠੇ ਮੁਕੱਦਮੇ ਦਰਜ ਕਰਕੇ ਜੇਲ੍ਹਾਂ ਵਿੱਚ ਡੱਕ ਦਿੱਤੇ ਗਏ ਹਨ, ਉਹ ਕਈ ਦਹਾਕਿਆਂ ਤੋਂ ਇਨਸਾਫ ਲਈ ਲੜਦੇ ਆ ਰਹੇ ਹਨ, ਮੁਕੱਦਮਿਆਂ ਦੀ ਮੱਦਾਂ ਨੂੰ ਝੂਠੀਆਂ ਸਾਬਤ ਕਰਦਿਆਂ ਜੇਹਲਾਂ ਵਿਚ ਸਜ਼ਾ ਜਾਬਤਾ ਸਮਾਂ ਵੀ ਪੂਰਾ ਕਰ ਚੁੱਕੇ ਹਨ, ਪਰ ਸਰਕਾਰਾਂ ਦੀ ਘੋਰ ਬੇਵਫਾਈ ਕਿ ਉਨ੍ਹਾਂ ਨੂੰ ਅੱਜ ਵੀ ਰਿਹਾਈ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਦੇਸ਼ ਪੰਜਾਬ ਅੰਦਰ ਹਲਾਤ ਸਾਂਤੀ ਪੂਰਨ ਰੱਖਣ ਲਈ ਸਾਰੇ ਬੇਕਸੂਰ ਬੰਦੀ ਸਿੰਘਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ ਤੇ ਪਿਛਲੇ ਇਤਿਹਾਸ ਤੋਂ ਵੀ ਸਰਕਾਰ ਨੂੰ ਸਬਕ ਲੈਣਾ ਚਾਹੀਦਾ ਹੈ। ਕੇਂਦਰ ਤੇ ਪੰਜਾਬ ਸਰਕਾਰ ਸਿੱਖਾਂ ਨਾਲ ਦੋਹਰਾ ਵਿਵਹਾਰ ਕਰ ਰਹੀ ਹੈ ਜੋ ਬੰਦ ਹੋਣਾ ਚਾਹੀਦਾ ਹੈ। ਸਰਕਾਰਾਂ ਸਜਾਵਾਂ ਪੂਰੀਆਂ ਕਰ ਚੁੱਕੇ ਸਿੰਘਾਂ ਨੂੰ ਤੁਰੰਤ ਰਿਹਾਅ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀ ਬੀ ਕੇ ਡੀ ਏ ਵੀ ਕਾਲਜ ਫਾਰ ਵੂਮੈਨ ਵਿਖੇ ਰੈੱਡ ਕਰਾਸ ਵੱਲੋਂ ਖ਼ੂਨਦਾਨ ਕੈਂਪ ਦਾ ਆਯੋਜਨ



ਅੰਮ੍ਰਿਤਸਰ, 28 ਮਾਰਚ (ਆਵਾਜ਼ਿ ਕੌਮ ਬਿਊਰੋ)-ਬੀ ਬੀ ਕੇ ਡੀ ਏ ਵੀ ਕਾਲਜ ਫਾਰ ਵੂਮੈਨ, ਅੰਮ੍ਰਿਤਸਰ ਦੀ ਰੈੱਡ ਕਰਾਸ ਯੂਨਿਟ ਨੇ ਰੈੱਡ ਕਰਾਸ ਸੋਸਾਇਟੀ ਆਫ਼ ਅੰਮ੍ਰਿਤਸਰ ਅਤੇ ਨੌਲੇਜ ਵਿਲਾ ਇੰਟੀਗ੍ਰੇਟਿਡ ਐਜੂਕੇਸ਼ਨ ਐਂਡ ਵੈਲਫੇਅਰ ਸੋਸਾਇਟੀ ਬਲੱਡ ਸੈਂਟਰ ਦੇ ਸਹਿਯੋਗ ਨਾਲ਼ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ। ਕੈਂਪ ਵਿਚ ਕਾਲਜ ਸਟਾਫ਼ ਵੱਲੋਂ ਉਤਸ਼ਾਹਜਨਕ ਭਾਗੀਦਾਰੀ ਵੇਖੀ ਗਈ, ਜਿਸਦਾ ਉਦੇਸ਼ ਸਵੈ-ਇੱਛਤ ਖ਼ੂਨਦਾਨ ਦੇ ਨੇਕ ਕਾਰਜ ਨੂੰ ਉਤਸ਼ਾਹਿਤ ਕਰਨਾ ਸੀ ਅਤੇ ਨਾਲ਼ ਹੀ ਕੀਮਤੀ ਮਨੁੱਖੀ ਜਾਨਾਂ ਬਚਾਉਣ ਵਿਚ ਇਸ ਦੀ ਭੂਮਿਕਾ ਨੂੰ ਉਜਾਗਰ ਕਰਨਾ ਸੀ। ਕੈਂਪ ਦੌਰਾਨ, 15 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ ਜਿਸ ਵਿਚ ਅੱਠ ਵਿਦਿਆਰਥੀ, ਪੰਜ ਅਧਿਆਪਕ ਅਤੇ ਦੋ ਗੈਰ-ਅਧਿਆਪਨ ਸਟਾਫ਼ ਦੇ ਮੈਂਬਰਾਂ ਨੇ ਯੋਗਦਾਨ ਪਾ ਕੇ ਸਮਾਜਿਕ ਜ਼ਿੰਮੇਵਾਰੀ ਅਤੇ ਮਾਨਵਤਾਵਾਦੀ ਚਿੰਤਾ ਦੀ ਪ੍ਰਸ਼ੰਸਾਯੋਗ ਭਾਵਨਾ ਪ੍ਰਸਤੁਤ ਕੀਤੀ ਨਾਲ ਹੀ, ਬਲੱਡ ਸੈਂਟਰ ਦੀ ਮੈਡੀਕਲ ਟੀਮ ਨੇ ਕੈਂਪ ਦੌਰਾਨ ਸਹੀ ਜਾਂਚ, ਸਫਾਈ ਅਤੇ ਸੁਰੱਖਿਆ ਪ੍ਰੋਟੋਕੋਲ ਨੂੰ ਯਕੀਨੀ ਬਣਾਇਆ। ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਨੇ ਦਾਨੀਆਂ ਦੀ ਉਨ੍ਹਾਂ ਦੇ ਉਦਾਰ ਯੋਗਦਾਨ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿਚ ਦਇਆ, ਸੇਵਾ ਅਤੇ ਸਮਾਜਿਕ ਵਚਨਬੱਧਤਾ ਦੀਆਂ ਕਦਰਾਂ-ਕੀਮਤਾਂ ਪੈਦਾ ਕਰਦੀਆਂ ਹਨ। ਇਸ ਮੌਕੇ ਸ਼੍ਰੀ ਸੁਦਰਸ਼ਨ ਕਪੂਰ, ਚੇਅਰਮੈਨ, ਸਥਾਨਕ ਸਲਾਹਕਾਰ ਕਮੇਟੀ, ਡਾ. ਅਨੀਤਾ ਨਰਿੰਦਰ, ਡੀਨ, ਕਮਿਊਨਿਟੀ ਡਿਵੈਲਪਮੈਂਟ ਇਨੀਸ਼ੀਏਟਿਵਜ਼, ਡਾ. ਪ੍ਰਿਯੰਕਾ ਬੱਸੀ, ਨੋਡਲ ਅਫਸਰ, ਯੁਵਾ ਭਲਾਈ, ,ਐਨ ਐੱਸ ਐੱਸ ਵਲੰਟੀਅਰ, ਐਨ ਸੀ ਸੀ ਕੈਡਿਟਸ ਮੌਜੂਦ ਰਹੇ ।

# ਖਾਲਸਾ ਕਾਲਜ ਐਜੂਕੇਸ਼ਨ, ਜੀ. ਟੀ. ਰੋਡ ਨੈਕ ਵੱਲੋਂ ਦੇਸ਼ ਭਰ 'ਚ ਚੁਣੇ ਗਏ 30 ਕਾਲਜਾਂ 'ਚ ਸ਼ਾਮਿਲ

ਅੰਮ੍ਰਿਤਸਰ, 28 ਮਾਰਚ (ਆਵਾਜ਼ਿ ਕੌਮ ਬਿਊਰੋ)-ਖਾਲਸਾ ਕਾਲਜ ਆਫ ਐਜੂਕੇਸ਼ਨ, ਜੀ. ਟੀ. ਰੋਡ ਨੂੰ ਨੈਕ (ਨੈਸ਼ਨਲ ਅਸਸਮੈਂਟ ਅਤੇ ਅਕਰੈਡੀਟੇਸ਼ਨ ਕੌਂਸਲ) ਵੱਲੋਂ ਉਚੇਰੀ ਸਿੱਖਿਆ ਸੰਸਥਾਵਾਂ ਦੇ ਮੁਲਾਂਕਣ ਮਾਪਦੰਡਾਂ 'ਚ ਬਦਲਾਅ ਲਿਆਉਣ ਲਈ ਦੇਸ਼ ਭਰ 'ਚ ਚੁਣੇ ਗਏ 30 ਕਾਲਜਾਂ 'ਚ ਸ਼ਾਮਲ ਕੀਤਾ ਗਿਆ। ਇਸ ਪ੍ਰਾਪਤੀ 'ਤੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਦੇ ਡੀਨ, ਵਾਈਸ ਪ੍ਰਿੰਸੀਪਲ ਅਤੇ ਸਮੂੰਹ ਸਟਾਫ ਨੂੰ ਵਧਾਈ ਦਿੰਦਿਆ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਕਾਲਜ ਨੂੰ ਦੇਸ਼ ਭਰ 'ਚੋਂ ਚੁਨਿੰਦਾ 30 ਉੱਚ ਸਿੱਖਿਆ ਸੰਸਥਾਵਾਂ 'ਚ ਸ਼ਾਮਿਲ ਕੀਤਾ ਗਿਆ ਹੈ ਜੋ ਕਿ ਨੈਕ ਦੇ ਨਿਰਧਾਰਿਤ ਮਾਪਦੰਡਾਂ 'ਚ ਸੁਧਾਰ ਲਿਆਉਣ ਲਈ ਆਪਣਾ ਯੋਗਦਾਨ ਦੇਵੇਗੀ। ਇਸ ਮੌਕੇ ਯੂਨੀਵਰਸਿਟੀ ਰਜਿਸਟਰਾਰ ਡਾ. ਖੁਸ਼ਿਵੰਦਰ ਕੁਮਾਰ ਨੇ ਕਿਹਾ ਕਿ ਡਾ. ਰਾਧਾਕ੍ਰਿਸ਼ਨਨ ਕਮੇਟੀ ਦੀਆਂ ਸਿਫਾਰਸ਼ਾਂ ਦੇ ਮੱਦੇਨਜ਼ਰ ਨੈਕ ਦੁਆਰਾ ਉਚੇਰੀ ਸਿੱਖਿਆ ਮੁਲਾਂਕਣ ਅਤੇ ਅਕਰੈਡੀਟੇਸ਼ਨ ਦੇ ਮਾਪਦੰਡਾਂ 'ਚ ਸੁਧਾਰ ਲਿਆਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਸਬੰਧੀ ਨੈਕ ਦੁਆਰਾ ਇਕ ਫੀਡਬੈਕ ਸਰਵੇਖਣ ਤਿਆਰ ਕੀਤਾ ਗਿਆ ਸੀ ਜਿਸ ਲਈ ਕਿ ਦੇਸ਼ ਭਰ 'ਚ ਸਿਰਫ 30 ਸੰਸਥਾਵਾਂ ਦੀ ਚੋਣ ਕੀਤੀ ਗਈ ਅਤੇ ਕਾਲਜ ਉਨ੍ਹਾਂ 'ਚੋਂ ਇਕ ਸੰਸਥਾ ਹੋਣ ਦਾ ਮਾਣ ਪ੍ਰਾਪਤ ਹੋਇਆ ਹੈ। ਇਸ ਮੌਕੇ ਡਾ. ਕੁਮਾਰ ਨੇ ਕਿਹਾ ਕਿ ਕਾਲਜ ਦੇ ਸਮੂਹ ਸਟਾਫ ਦੀ ਮਿਹਨਤ ਸਦਕਾ ਪਹਿਲਾਂ ਵੀ 2024 'ਚ ਕਾਲਜ ਨੂੰ 'ਏ ++ ਗ੍ਰੇਡ' ਪ੍ਰਾਪਤ ਕਰਨ ਵਾਲੀ ਉਤਰ ਭਾਰਤ ਦੀ ਪਹਿਲੀ ਅਧਿਆਪਨ ਸਿਖਲਾਈ ਸੰਸਥਾ ਹੋਣ ਦਾ ਮਾਣ ਹਾਸਲ ਹੋਇਆ ਸੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਭੱਵਿਖ 'ਚ ਵੀ ਨੈਕ ਅਤੇ ਹੋਰ ਅਜਿਹੀਆਂ ਰਾਸ਼ਟਰੀ ਸੰਸਥਾਵਾਂ ਦੁਆਰਾ ਸੌਂਪੇਂ ਗਏ ਕਾਰਜਾਂ ਨੂੰ ਨਿਸ਼ਠਾ ਅਤੇ ਸੰਪੂਰਨ ਜਿੰਮੇਵਾਰੀ ਨਾਲ ਮੁਕੰਮਲ ਕਰਨਗੇ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾ. ਨਿਰਮਲਜੀਤ ਕੌਰ ਨੇ ਉਕਤ ਸਰਵੇਖਣ 'ਚ ਯੋਗਦਾਨ ਦੇਣ ਵਾਲੇ ਸਮੂਹ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਠਿੰਡਾ ਦੇ ਕਸਬਾ ਰਾਮਾਂ ਮੰਡੀ ਨੇੜੇ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ ਤਲਵੰਡੀ ਸਾਬੋ ਵਿਖੇ

# ਸ . ਅਜੈਬ ਸਿੰਘ ਜੀ ਦੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ ਸੰਪੰਨ

**ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਅਤੇ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ**









ਬਠਿੰਡਾ ਦੇ ਕਸਬਾ ਰਾਮਾਂ ਮੰਡੀ ਨੇੜੇ ਤਖਤ ਸ੍ਰੀ ਦਮਦਮਾ ਸਾਹਿਬ ਗੁਰੂ ਕਾਸ਼ੀ ਤਲਵੰਡੀ ਸਾਬੋ ਵਿਖੇ ਅੱਜ 28 ਮਾਰਚ 2026 ਨੂੰ ਗੁਰੂ ਘਰ ਦੇ ਸ਼ਰਧਾਲੂ ਪਰਿਵਾਰ ਸ .ਅਜੈਬ ਸਿੰਘ ਜੀ ਦੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ ਸਮੇਂ ਪ੍ਰੀਵਾਰ ਦੇ ਸੱਦੇ ਉੱਪਰ ਪੁੱਜੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਅਤੇ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਰਸਭਿੰਨਾ ਕੀਰਤਨ ਕੀਤਾ ਪ੍ਰੀਵਾਰ ਅਤੇ ਰਾਮਾ ਮੰਡੀ ਨਿਵਾਸੀਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ ਪ੍ਰੀਵਾਰ ਨੇ ਸਿਰਪਾਉ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ ਇਸ ਸਮੇਂ ਡਾ.ਗੁਰਮੀਤ ਸਿੰਘ ਖਾਲਸਾ ਬਰੀਵਾਲਾ ਡਾ.ਜਗਮੀਤ ਸਿੰਘ ਲਾਡੀ ਸ੍ਰੀ ਤੇਲੂ ਰਾਮ ਲਹਿਰੀ ਪ੍ਰਧਾਨ ਅਗਰਵਾਲ ਸਭਾ ਵੀ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243